DHINDSA TRAVEL
ਬਾਜ਼ਾਰ ਨਾਲੋਂ ਸਸਤੀਆਂ ਟਿਕਟਾਂ ਦੀ ਗਰੰਟੀ
Email:dhindsatravelltd@yahoo.com
Web:www.dhindsatravels.com
3 Locations Serve You
Payal Bussiness Centre #151-8120-128St, Surrey 604-599-5599
Abbotsford #104-32059 Hillcrest Ave 604-746-2727
DUKH NIVARAN SAHIB PLAZA #111-15299 68Ave 604-744-4445

+91 77175-02848
+91 98146-12006
+91 99882-68982
+1 778-899-1576
+1 778-207-8100
EAGLE EYE
CAR RENTALS & TAXI SERVICE 24 HOURS



Sidhu Homeopathic Clinic
Dr. Malkit Singh Sidhu D.H.M.S. (Hons.)
Dr. Kirandeep Kaur Sidhu D.H.M.S. (Pb.)
ਮਾਨਸਿਕ ਰੋਗ, ਘਬਰਾਹਟ, ਨੀਂਦ ਨਾ ਆਉਣੀ, ਦਮਾਂ, ਮੂੰਹ ਪੱਕਣਾ, ਚਮੜੀ ਰੋਗ, ਵਾਲਾਂ ਦੀ ਸਿੱਕਰੀ, ਜੋੜਾਂ ਦੇ ਦਰਦ, ਗਠੀਆ, ਯੂਰਿਕ ਐਸਿਡ, ਗੁਰਦਿਆਂ ਦੀਆਂ ਪੱਥਰੀਆਂ, ਮਰਦਾਂ ਅਤੇ ਇਸਤਰੀਆਂ ਦੇ ਰੋਗਾਂ ਅਤੇ ਨਸ਼ਾ ਛੁਡਾਉਣ ਲਈ ਹੋਮਿਓਪੈਥਿਕ ਦਵਾਈਆਂ ਨਾਲ ਇਲਾਜ ਕੀਤਾ ਜਾਂਦਾ ਹੈ।
Ph: 604-446-3154 NO SIDE EFFECTS
#109-12830-80Ave, Surrey, BC V3W 3A8 (York Centre)



# ਪੰਜਾਬ ਐਬਟਸਫੋਰਡ ਗਾਰਡੀਅਨ
PUNJAB GUARDIAN
B.C Greater Vancouver, Fraser Valley, Victoria,Nanaimo Prince George, Kamloops, Kelowna, Oliver, Squamish | ALBERTA Edmonton Calgary | ONTARIO Ottawa, Brampton Toronto | QUEBEC Montreal | USA Greater Seattle, Everett, Marysville Portland, Bellingham, Belivue, Lyndon, Lynwood
Tel: 604-590-5200 Fax:604-596-5700 Toll Free: 1-877-584-5200 Vol. 32, Issue No. 35 Ending Date: Aug 29, 2025



ਲਖਜੀਤ ਸਿੰਘ ਸਾਰੰਗ
604-613-9100
Super Visa
Travel, Disability
Group Insurance
Life Insurance
Critical Illness
RESP, RRSP
TFSA, FHSA
EXPERIOR
LAKHJIT SARAN
604-613-9100


# ਆਜ਼ਾਦੀ ਦਿਵਸ ਮੌਕੇ ਅੰਮ੍ਰਿਤਧਾਰੀ ਸਿੱਖ ਨੂੰ ਲਾਲ ਕਿਲ੍ਹੇ ਵਿੱਚ ਕ੍ਰਿਪਾਨ ਪਾ ਕੇ ਜਾਣ ਤੋਂ ਰੋਕਿਆ



ਨਾਭਾ:-ਇੱਕ ਸਿੱਖ ਸਰਪੰਚ ਜੋ ਪੰਜਾਬ ਦੇ ਨਾਭਾ ਬਲਾਕ ਤੋਂ ਆਜ਼ਾਦੀ ਦਿਵਸ ਪਰੇਡ ਵਿੱਚ ਹਿੱਸਾ ਲੈਣ ਲਈ ਦਿੱਲੀ ਆਇਆ ਸੀ, ਨੂੰ ਲਾਲ ਕਿਲ੍ਹੇ ਵਿੱਚ ਦਾਖਲ ਨਹੀਂ ਹੋਣ ਦਿੱਤਾ ਗਿਆ। ਉਸਨੂੰ ਰਾਸ਼ਟਰੀ ਸਨਮਾਨ ਲਈ ਬੁਲਾਇਆ ਗਿਆ ਸੀ ਅਤੇ ਹਾਲ ਹੀ ਵਿੱਚ ਜਲ ਸ਼ਕਤੀ ਵਿਭਾਗ ਦੁਆਰਾ ਸਨਮਾਨਿਤ ਵੀ ਕੀਤਾ ਗਿਆ ਸੀ। ਸਰਪੰਚ ਗੁਰਧਿਆਨ ਸਿੰਘ ਇੱਕ ਅੰਮ੍ਰਿਤਧਾਰੀ ਸਿੱਖ ਹਨ ਅਤੇ ਉਨ੍ਹਾਂ ਕੋਲ ਸ੍ਰੀ ਸਾਹਿਬ ਸੀ। ਦਿੱਲੀ ਤੋਂ ਵਾਪਸ ਆਉਣ ਤੋਂ ਬਾਅਦ, ਗੁਰਧਿਆਨ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਕਿਰਪਾਨ ਕਾਰਨ ਅੰਦਰ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਗਈ।ਉਹ ਨਾਭਾ ਬਲਾਕ ਦੇ ਪਿੰਡ ਕਲਸਾਣਾ ਦੇ ਸਰਪੰਚ ਹਨ ਅਤੇ ਸੈਨੀਟੇਸ਼ਨ ਵਿਭਾਗ ਦੁਆਰਾ ਉਨ੍ਹਾਂ ਦਾ ਸਨਮਾਨ ਕੀਤਾ ਗਿਆ।ਹਾਲਾਂਕਿ, ਜਦੋਂ ਉਹ ਪਰੇਡ ਦੇਖਣ ਲਈ ਲਾਲ ਕਿਲ੍ਹੇ ਪਹੁੰਚੇ, ਤਾਂ ਉਨ੍ਹਾਂ ਨੂੰ ਗੇਟ ਨੰਬਰ 5 ਤੋਂ ਵੀਆਈਪੀ ਐਂਟਰੀ ਮਿਲੀ, ਪਰ ਸੁਰੱਖਿਆ ਅਧਿਕਾਰੀਆਂ ਨੇ ਉਨ੍ਹਾਂ ਨੂੰ ਰੋਕ ਦਿੱਤਾ ਕਿਉਂਕਿ ਉਨ੍ਹਾਂ ਨੂੰ ਸ੍ਰੀ ਸਾਹਿਬ ਅੰਦਰ ਲੈ ਜਾਣ ਦੀ ਇਜਾਜ਼ਤ ਨਹੀਂ ਸੀ। ਗੁਰਧਿਆਨ ਸਿੰਘ ਨੇ ਕਿਹਾ ਕਿ ਉਸਨੇ ਸੁਰੱਖਿਆ ਕਰਮਚਾਰੀਆਂ ਨੂੰ ਸਿੱਖ ਚਿੰਨ੍ਹ ਬਾਰੇ ਦੱਸਿਆ ਸੀ, ਪਰ ਉਨ੍ਹਾਂ ਨੇ ਉਸਨੂੰ ਅੰਦਰ ਲਿਜਾਣ ਤੋਂ ਇਨਕਾਰ ਕਰ ਦਿੱਤਾ। ਉਨ੍ਹਾਂ ਕਿਹਾ ਕਿ ਉਹ ਕਿਰਪਾਨ ਬਾਹਰ ਉਤਾਰ ਸਕਦਾ ਹੈ ਤੇ ਵਾਪਸੀ ‘ਤੇ ਵਾਪਸ ਲੈ ਜਾ ਸਕਦਾ ਹੈ ਪਰ ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਦਾ ਧਰਮ ਇਸਨੂੰ ਉਤਾਰਨ ਦੀ ਆਗਿਆ ਨਹੀਂ ਦਿੰਦਾ ਜਿਸ ਤੋਂ ਬਾਅਦ ਉਹ ਉੱਥੋਂ ਵਾਪਸ ਆ ਗਿਆ। ਉਹ ਆਮ ਲੋਕਾਂ ਨਾਲ ਜਨਰਲ ਗੈਲਰੀ ਵਿੱਚ ਗਿਆ ਅਤੇ ਕੁਝ ਸਮੇਂ ਲਈ ਪਰੇਡ ਦੇਖੀ ਗੁਰਧਿਆਨ ਸਿੰਘ ਨੇ ਕਿਹਾ ਕਿ ਉਸਨੂੰ 13 ਤੋਂ 17 ਅਗਸਤ ਤੱਕ ਦਿੱਲੀ ਬੁਲਾਇਆ ਗਿਆ ਸੀ। ਉਹ 13 ਅਗਸਤ ਨੂੰ ਸਵੇਰੇ 11 ਵਜੇ ਦਿੱਲੀ ਪਹੁੰਚਿਆ। ਆਜ਼ਾਦੀ ਦਿਵਸ ‘ਤੇ ਵੀ ਉਹ ਸ਼ਾਮ 5 ਵਜੇ ਲਾਲ ਕਿਲ੍ਹਾ ਮੈਟਰੋ ਸਟੇਸ਼ਨ ‘ਤੇ ਪਹੁੰਚਿਆ, ਤਾਂ ਜੋ ਕੋਈ ਦੇਰੀ ਨਾ ਹੋਵੇ। ਪਰ, ਉੱਥੇ ਮੌਜੂਦ ਸੁਰੱਖਿਆ ਕਰਮਚਾਰੀਆਂ ਨੇ ਉਸਦੀ ਬਿਲਕੁਲ ਨਹੀਂ ਸੁਣੀ।

# ਵੈਨਕੂਵਰ, ਓਟਵਾ ਅਤੇ ਮਾਂਟਰੀਆਲ ਵਿਖੇ ਭਾਰਤੀ ਅੰਬੈਸੀ ਦੇ ਬਾਹਰ ਭਾਰੀ ਰੋਸ ਪ੍ਰਦਰਸ਼ਨ

ਵੈਨਕੂਵਰ(ਮਨਪ੍ਰੀਤ ਸਿੰਘ ਖਾਲਸਾ):ਕੈਨੇਡੀਅਨ ਸਿੱਖਾਂ ਨੇ ਭਾਰਤ ਦੇ ਅਜ਼ਾਦੀ ਦਿਵਸ ਨੂੰ ਕਾਲਾ ਦਿਨ ਐਲਾਨ ਕਰਦੇ ਹੋਏ ਇਸ ਦੇ ਖਿਲਾਫ ਰੋਸ ਜ਼ਾਹਿਰ ਕੀਤਾ ਅਤੇ ਭਾਰਤੀ ਝੰਡਾ ਸਾੜਿਆ।ਇਸ ਮੌਕੇ ਭਾਰਤੀ ਐਂਬੈਸੀ ਦੇ ਬਾਹਰ ਬਹੁਤ ਵੱਡਾ ਇਕੱਠ ਰੱਖਿਆ ਗਿਆ ਜਿਸ ਵਿਚ ਸੰਗਤ ਨੇ ਵੱਡੀ ਗਿਣਤੀ ਵਿਚ ਪੁੱਜਕੇ ਭੂਮਿਕਾ ਨਿਭਾਈ ਅਤੇ ਖਾਲਿਸਤਾਨ ਦੇ ਨਾਅਰਿਆਂ ਨਾਲ ਗੂੰਜਾਂ ਪਾ ਦਿੱਤੀਆਂ।ਦੱਸਣਯੋਗ ਹੈ ਕਿ ਭਾਰਤੀ ਐਂਬੇਸੀ ਦੇ ਬਾਹਰ ਇਹ ਰੋਸ-ਮੁਜਾਰਾ ੍ਹਮ ਦੇ ਸ਼ਹੀਦ ਅਤੇ ਗੁਰੂ ਨਾਨਕ ਸਿੱਖ ਗੁਰਦਵਾਰਾ ਸਾਹਿਬ ਦੇ ਸਾਬਕਾ ਮੁੱਖ ਸੇਵਾਦਾਰ ਸ਼ਹੀਦ ਭਾਈ ਹਰਦੀਪ ਸਿੰਘ ਨਿੱਜਰ ਨੇ ਸ਼ੁਰੂ ਕਰਵਾਏ ਸਨ ਜੋ ਕਿ ਹੁਣ ਕੈਨੇਡਾ ਭਰ ਦੇ ਵਿਚ ਪੂਰੇ ਜੋਸ਼ ਤੇ ਉਤਸ਼ਾਹ ਨਾਲ ਕਾਲੇ ਦਿਨ ਵੱਜੋਂ ਮਨਾਏ ਜਾਂਦੇ ਹਨ।ਇਸ ਸਮੇਂ ਬੁਲਾਰਿਆਂ ਨੇ ਕਿਹਾ ਭਾਰਤੀ ਹਕੂਮਤ ਸਦਾ ਹੀ ਸਿੱਖ ਵਿਰੋਧੀ ਹੈ ਅਤੇ ਹੁਣ ਵਿਦੇਸ਼ਾਂ ਦੀਆਂ ਧਰਤੀ ਤੇ ਸਿੱਖਾ ਨੂੰ ਨਿਸ਼ਾਨੇ




The Mortgage Centre
ਮੌਰਟਗੇਜ ਦੇ ਵਧੀਆ ਰੇਟ ਅਤੇ ਸਹੀ ਸਲਾਹ ਲਈ ਸੰਪਰਕ ਕਰੋ
ਘਰਾਂ ਦੀ ਮੌਰਟਗੇਜ ਕੰਸਟਰਕਸ਼ਨ ਮੌਰਟਗੇਜ ਕਮਰਸ਼ੀਅਲ ਲੋਨ ਪ੍ਰਾਈਵੇਟ ਲੋਨ
• Purchases with 5% Down Payment
• Refinance & Renewals at Best Rates
• Self-employment - Special Programs
• Second Mortgage & Equity Loans (No Income Verification)
• Private financing - Easy Approvals
• Low Income & Bad Credit Financing
Satnam Saroya
Mortgage Specialist
604.760.9172
# 384-8148 128 St, Surrey
(Payal Buss. Centre)

ਸੁਪਰ ਵੀਜ਼ਾ ਦੇ ਲਈ ਵਿਜ਼ਟਰ ਇਨਸ਼ੋਰੈਂਸ
ਜਸਵੀਰ ਗਰੇਵਾਲ
778 317 6262
ਆਪਣਾ ਜੀਵਨ ਬੀਮਾ ਕਰਵਾਉਣਾ, ਆਪਣੇ ਭਰੋਸੇ ਨੂੰ ਪੱਕਿਆਂ ਕਰਨਾ ਹੈ

Colorful Painting Ltd
ਨਵੇਂ ਜਾਂ ਪੁਰਾਣੇ ਘਰ/ਵਪਾਰ 'ਤੇ ਅੰਦਰ ਜਾਂ ਬਾਹਰ ਰੰਗ ਕਰਨ ਦਾ ਕੰਮ ਤਸੱਲੀਬਖ਼ਸ਼ ਅਤੇ ਵਾਜਿਬ ਕੀਮਤ ਤੇ ਕਰਦੇ ਹਾਂ।
Commercial & Residential
Interior & Exterior
Ph:604-897-2526

TRANSWORLD TRAVEL
ਗੇੜਾ ਜਿੱਥੇ ਮਰਜੀ ਲਾਉ, ਸਸਤੀ ਟਿਕਟ ਸਾਡੇ ਕੋਲੋਂ ਹੀ ਬਣਵਾਉ
Air Canada Direct YVR to Delhi
604-852-2204

ਇੰਡੀਆ ਪੈਸੇ ਭੇਜਣ ਜਾਂ ਮੰਗਵਾਉਣ ਲਈ ਇੱਕੋ ਇੱਕ ਨਾਮ
ZIRA CURRENCY EXCHANGER LTD.
ਡਾਲਰ ਦਾ ਸਭ ਤੋਂ ਵਧੀਆ ਰੇਟ
ਬਖ਼ਸ਼ੀਸ਼ ਸਿੰਘ ਜ਼ੀਰਾ, 604-562-7000, 604-314-0000
#397-8148-128 ST. (PAYAL BUSINESS CENTRE) SURREY

ਵਰਕਰਾਂ ਦੀ ਲੋੜ
Ph:604-209-2722

A-CLASS FOREIGN EXCHANGE
24 ਘੰਟਿਆਂ 'ਚ ਆਪਣੇ ਪੈਸੇ ਭੇਜਣ ਜਾਂ ਮੰਗਵਾਉਣ ਲਈ
ਹਰਮੀਤ ਸਿੰਘ ਖੁੜੀਆਂ
Punjab Travels
#204-2642 Ceder Park Place Abbotsford
604-825-2222

ਗੁਰੂ ਨਾਨਕ ਜਿਊਲਰਜ਼ ਲਿਮ.
24k & 22k Gold Jewelry
Lucky Stones
Gemstones
40% OFF
Seiko & Citizen Watches
ABBOTSFORD LOCATION
#103 - 2752 Allwood St. Abbotsford, BC V2T 3R7
604-864-6066 | 604-853-5259

IATA Accredited Agent
SIDHU TRAVEL LTD.
Rani Sidhu:604-504-3400
Aman:604-800-3003
BESTWAY Foreign Exchange Ltd.
Sony Sidhu (Zira)
Ph: 778-246-2500
604-592-2676
Unit 109, 12830-80 Ave York Centre Surrey

J&J FRESH LOOK HOMES LTD..
ਫਰੇਮਿੰਗ ਦੇ ਕਈ ਸਾਲਾਂ ਦੇ ਤਰਜਬੇ ਤੋਂ ਬਾਦ ਹੁਣ ਮੁਕੰਮਲ ਘਰ ਬਣਾਉਣ ਦਾ ਕੰਮ ਸ਼ੁਰੂ
*Custom Houses *Project Management
*Residential *Buildings
Jarnail Singh Maan:
604.832.9308
maanjarnail@gmail.com
#136-1779 Clearbrook Rd, Abbotsford

MOHIE Travel Ltd.
#136-1779 Clearbrook Rd, Abbotsford
• DOMESTIC & INTERNATIONAL TICKETS
• TOURS , CRUISES
ਟਰੈਵਲ ਟਿਕਟ ਸਰਵਿਸਿਜ਼
Contact Jarnail S Maan
604-746-9222
Email:mohietravel@gmail.com

Universal Auto Collision Ltd.
• ICBC Claims • Private Claims • Free Courtesy Cars
• Auto Glass Replacement • Free Estimates Fax:604-596-3800
We Moved To New Location
27441-FRASER HWY. ALDERGROVE, BC
Ph. 604-596-2800

PACIFIC NURSERIES
*Certified Imported from USA
*High Quality & Healty Plants
*Ready to Plant *Potted in One Gallon
ONLY FOR WHOLESALERS
TO BOOK YOUR ORDER CONTACT:
778-552-0305


FARM AND SPICE
FARM AND SPICE
Weekly Special
WEEKEND SPECIAL
MILK $4.99 ONLY!
*Minimum $50 Purchase*
WEEKEND SPECIAL
Ambay Mustard Oil
5ltrs for $22.99
Aug 22-28
ਅਦਰਕ
Ginger
per lb
$0.99
5 for
Limes
$0.99
ਸੇਬ
Apple Gala
Per lb
$0.79
ਜ਼ੁਕੀਨੀ
Zucchini
Per Lb
$0.99
Red Fruit Carrot
Per lb
$0.99
Roma Tomato
Per lb
$1.49
Green Pepper
Per lb
$1.49
ਲਸਣ
Garlic
1 Kg
$2.99
ਕੈਨਟੀਨ ਕੁਕੀਜ਼
Canteen Assorted Cookies
2.2 Lbs
$6.49
SHER Kala Chana
SHER Chana Daal
SHER Kabuli Chickpeas
4 lb
$5.99
Futura Canola Oil
5 Ltrs
$14.99
Savera Ghee
3.5 lbs
$23.99
Patanjali Basmati Rice
10 lb
$9.99
ਹੀਰ ਚਿੰਨੀ
Heer Brown / White Sugar
8 Lbs
$6.99
ਰੂਹਅਫਜ਼ਾ ਭਾਰਤੀ
Roohafza India
750 ml
$3.49
Laxmi Sharbati Atta
20 Lbs
$15.99
*while supply last
Open 7 Days a Week
8:30 am to 10:00 pm
farmandspice.com
#9546-9548 Scott Town Plaza
96 Ave Scott Road Surrey
# 09-10 12830 96 Ave.
Surrey BC | Tel: 604 930 7742
# 103-104 14320 64 Ave.
Surrey BC | Tel: 604 593 6323

# ਕੈਨੇਡਾ ਤੋਂ ਬਾਅਦ ਇੰਗਲੈਂਡ ਦੇ ਗੁਰਦੁਆਰਿਆਂ ‘ਚ ਵੀ ਲੱਗਣ ਲੱਗੇ ਖ਼ਾਲਿਸਤਾਨੀ ਅੰਬੈਸੀ ਦੇ ਬੈਨਰ

ਲੰਡਨ: ਕੈਨੇਡਾ ਤੋਂ ਬਾਅਦ ਹੁਣ ਇੰਗਲੈਂਡ ਵਿੱਚ ਵੀ ਵੱਡੇ ਗੁਰਦੁਆਰਿਆਂ ਦੇ ਬਾਹਰ “ ਰਿਪਬਲਿਕ ਆਫ਼ ਖਾਲਿਸਤਾਨ” ਦੇ ਬੈਨਰ ਲੱਗਣੇ ਸ਼ੁਰੂ ਹੋ ਗਏ ਹਨ। ਇਹ ਬੈਨਰ ਖ਼ਾਲਿਸਤਾਨ ਅੰਬੈਸੀਆਂ ਦੇ ਦਫ਼ਤਰਾਂ ਦੇ ਪ੍ਰਤੀਕ ਵਜੋਂ ਵੇਖੇ ਜਾ ਰਹੇ ਹਨ। ਸਲੋਹ ਦੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦੇ ਮੁੱਖ ਹਾਲ ਵਿੱਚ ਲੱਗੇ ਖਾਲਿਸਤਾਨ ਬੈਨਰਾਂ ‘ਤੇ ਕਾਫ਼ੀ ਸਮੇਂ ਤੱਕ ਇਕ ਭਾਰਤੀ ਪੱਤਰਕਾਰ ਦੇ ਇਤਰਾਜ਼ ਤੋਂ ਬਾਅਦ ਲੰਮੇ ਸਮੇਂ ਤੱਕ ਵਿਵਾਦ ਚੱਲਿਆ, ਪਰ ਕਮੇਟੀ ਦੀ ਸੂਝ ਬੂਝ ਤੇ ਸਿੱਖ ਭਾਈਚਾਰੇ ਦੇ ਸਹਿਯੋਗ ਨਾਲ ਹੁਣ ਚੈਰਿਟੀ ਕਮਿਸ਼ਨਰ ਦਾ ਰਵੱਈਆ ਨਰਮ ਹੋਣ ਮਗਰੋਂ ਵਿਵਾਦ ਤਾਂ ਸਮਾਪਤ ਹੋ ਗਿਆ, ਪਰ ਗੁਰਦੁਆਰਾ ਸਾਹਿਬ ਵਿੱਚ ਲੱਗੇ ਬੇਨਰ ਅੱਜ ਵੀ ਮੌਜੂਦ ਹਨ। ਕੈਨੇਡਾ ਦੇ ਗੁਰੂ ਨਾਨਕ ਸਿੱਖ ਗੁਰਦੁਆਰਾ ਡੈਲਟਾ ਵਿੱਚ ਹਰਦੀਪ ਸਿੰਘ ਨਿੱਝਰ ਦੇ ਕਤਲ ਤੋ ਬਾਅਦ “ ਰਿਪਬਲਿਕ ਆਫ ਖਾਲਿਸਤਾਨ” ਦੇ ਬੈਨਰ ਗੁਰਦੁਆਰਾ ਸਾਹਿਬ ਵਿੱਚ ਲਾਏ ਗਏ ਜਿਸ ਤੋਂ ਬਾਅਦ ਭਾਰਤ-ਕੈਨੇਡਾ ਵਿਚਕਾਰ ਤਣਾਅ ਪੈਦਾ ਹੋ ਗਿਆ। ਇਸ ਤੋਂ ਬਾਅਦ ਬੀਤੇ ਦਿਨੀਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਹਾਲ, ਗੁਰੂ ਨਾਨਕ ਸਿੱਖ ਗੁਰਦੁਆਰਾ ਸਮੈਦਿਕ ਅਤੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬਰਮਿੰਘਮ ਸਮੇਤ ਹੋਰ ਵੱਡੇ ਗੁਰਦੁਆਰਿਆਂ ਬਾਹਰ ਵੀ ਇਹ ਬੈਨਰਾਂ ਦੀਆਂ ਤਸਵੀਰਾਂ ਲਗਾਤਾਰ ਚਰਚਾ ਵਿੱਚ ਹਨ। ਇਨ੍ਹਾਂ ਬੈਨਰਾਂ ਨੂੰ ਲੈ ਕੇ ਕਿਸੇ ਵੀ ਪ੍ਰਬੰਧਕ ਕਮੇਟੀ ਦੀ ਕੋਈ ਪ੍ਰਤੀਕਿਰਿਆ ਸਾਹਮਣੇ ਨਹੀਂ ਆਈ। ਗੁਰਦੁਆਰਿਆਂ ਬਾਹਰ ਲੱਗਣ ਵਾਲੇ ਖ਼ਾਲਿਸਤਾਨੀ ਬੈਨਰ ਕੇਵਲ ਰਾਜਨੀਤਿਕ ਨਹੀਂ ਸਗੋਂ ਧਾਰਮਿਕ-ਰਾਜਨੀਤਿਕ ਇਕੱਠ ਦਾ ਵੀ ਪ੍ਰਤੀਕ ਹਨ। ਇੰਗਲੈਂਡ ਵਿੱਚ ਵੀ “ ਰਿਪਬਲਿਕ ਆਫ ਖਾਲਿਸਤਾਨ” ਦੇ ਬੈਨਰ ਨਾਲ ਭਾਰਤ ‘ਤੇ ਰਾਜਨੀਤਿਕ ਤੇ ਕੂਟਨੀਤਿਕ ਅਸਰ ਪੈ ਸਕਦਾ ਹੈ। ਵਿਦੇਸ਼ਾਂ ਵਿੱਚ ਖ਼ਾਲਿਸਤਾਨ ਰੈਫਰੈਂਡਮ ਮੁਹਿੰਮ ਨਾਲ ਭਾਰਤ ਲਈ ਚੁਣੌਤੀਆਂ ਹੋਰ ਵਧ ਗਈਆਂ ਹਨ। ਜੇ ਇਹ ਰੁਝਾਨ ਹੋਰ ਦੇਸ਼ਾਂ ਵਿੱਚ ਵੀ ਫੈਲਦਾ ਹੈ ਤਾਂ ਇਹ ਖ਼ਾਲਿਸਤਾਨੀ ਅੰਦੋਲਨ ਨੂੰ ਅੰਤਰਰਾਸ਼ਟਰੀ ਮਾਨਤਾ ਵੱਲ ਪ੍ਰਤੀਕਾਤਮਕ ਕਦਮ ਵਜੋਂ ਮੰਨਿਆ ਜਾ ਸਕਦਾ ਹੈ। ਅਜੇ ਤੱਕ ਨਾ ਹੀ ਭਾਰਤ ਸਰਕਾਰ ਅਤੇ ਨਾ ਹੀ ਯੂ.ਕੇ. ਸਰਕਾਰ ਵੱਲੋਂ ਇਸ ਮਾਮਲੇ ਵਿੱਚ ਕੋਈ ਅਧਿਕਾਰਤ ਬਿਆਨ ਸਾਹਮਣੇ ਆਇਆ ਹੈ।




# ਸੁਪਰੀਮ ਕੋਰਟ ਦੇ ਹੁਕਮਾਂ ਦੀ ਪਾਲਣਾ ਕਰੋ ਅਤੇ ਸਾਲਾਂ ਤੋਂ ਜੇਲ੍ਹਾਂ ਵਿੱਚ ਸੜ ਰਹੇ ਸਿੱਖ ਕੈਦੀਆਂ ਨੂੰ ਰਿਹਾਅ ਕਰੋ:ਕਾਲਕਾ

ਨਵੀਂ ਦਿੱਲੀ- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਅੱਜ ਮੰਗ ਕੀਤੀ ਕਿ ਬੰਦੀ ਸਿੱਖਾਂ ਨੂੰ, ਜੋ ਪਿਛਲੇ 30-35 ਸਾਲਾਂ ਤੋਂ ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਬੰਦ ਹਨ ਅਤੇ ਆਪਣੀ ਸਜ਼ਾ ਪੂਰੀ ਕਰ ਚੁੱਕੇ ਹਨ, ਤੁਰੰਤ ਰਿਹਾ ਕੀਤਾ ਜਾਵੇ। ਸ. ਕਾਲਕਾ ਨੇ ਕਿਹਾ ਕਿ ਇਹ ਮੰਗ 12 ਅਗਸਤ ਨੂੰ ਸੁਪਰੀਮ ਕੋਰਟ ਵੱਲੋਂ ਦਿੱਤੇ ਗਏ ਆਦੇਸ਼ਾਂ ਤੋਂ ਬਾਅਦ ਹੋਰ ਮਜ਼ਬੂਤ ਹੋ ਗਈ ਹੈ, ਜਿਸ ਵਿੱਚ ਅਦਾਲਤ ਨੇ ਚਿੰਤਾ ਪ੍ਰਗਟਾਈ ਕਿ ਕਈ ਕੈਦੀ ਸਜ਼ਾ ਪੂਰੀ ਕਰਨ ਤੋਂ ਬਾਅਦ ਵੀ ਜੇਲ੍ਹਾਂ ਵਿੱਚ ਡੱਕੇ ਹੋਏ ਹਨ। ਕੋਰਟ ਨੇ ਸਾਰੀਆਂ ਰਾਜ ਸਰਕਾਰਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਹੁਕਮ ਦਿੱਤਾ ਕਿ ਜਿਹੜਾ ਵੀ ਕੈਦੀ ਕਿਸੇ ਹੋਰ ਕੇਸ ਵਿੱਚ ਸ਼ਾਮਲ ਨਹੀਂ ਹੈ, ਉਸ ਨੂੰ ਤੁਰੰਤ ਰਿਹਾ ਕੀਤਾ ਜਾਵੇ। ਸ. ਕਾਲਕਾ ਨੇ ਕਿਹਾ ਬੰਦੀ ਸਿੱਖਾਂ ਦੀ ਰਿਹਾਈ ਦੀ ਮੰਗ ਨੂੰ ਹੁਣ ਸੁਪਰੀਮ ਕੋਰਟ ਦੇ ਆਦੇਸ਼ਾਂ ਤੋਂ ਬਾਅਦ ਹੋਰ ਵਧੇਰੇ ਤਾਕਤ ਮਿਲੀ ਹੈ। ਪ੍ਰੈਸ ਬਿਆਨ ਵਿੱਚ ਹਰਮੀਤ ਸਿੰਘ ਕਾਲਕਾ ਕਿਹਾ ਕਿ ਸੁਪਰੀਮ ਕੋਰਟ ਨੇ ਹੁਕਮ ਦਿੱਤਾ ਹੈ ਕਿ ਇਸ ਆਦੇਸ਼ ਦੀ ਕਾਪੀ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਗ੍ਰਹਿ ਸਕੱਤਰਾਂ ਨੂੰ ਭੇਜੀ ਜਾਵੇ ਤਾਂ ਜੋ ਪਤਾ ਲੱਗ ਸਕੇ ਕਿ ਕੋਈ ਵੀ ਦੋਸ਼ੀ ਜਾਂ ਦੋਸ਼ ਸਾਬਤ ਸ਼ੁਦਾ ਵਿਅਕਤੀ ਸਜ਼ਾ ਪੂਰੀ ਹੋਣ ਤੋਂ ਬਾਅਦ ਵੀ ਜੇਲ੍ਹ ਵਿੱਚ ਤਾਂ ਨਹੀਂ। ਉਨਾਂ ਕਿਹਾ ਕਿ ਸੁਪਰੀਮ ਕੋਰਟ ਦੇ ਇਹ ਹੁਕਮਾਂ ਸੰਨ ਬਿੰਨ ਲਾਗੂ ਕੀਤੇ ਜਾਣੇ ਚਾਹੀਦੇ ਹਨ। ਸ. ਕਾਲਕਾ ਨੇ ਜ਼ੋਰ ਦਿੰਦਿਆਂ ਕਿਹਾ ਅਤੇ ਸਿੱਖ ਕੈਦੀਆਂ ਦੀ ਰਿਹਾਈ ਲਈ ਭਾਵੁਕ ਅਪੀਲ ਕੀਤੀ।

# 1.6 ਮਿਲੀਅਨ ਗੈਰ-ਕਾਨੂੰਨੀਆਂ ਨੇ ਛੱਡਿਆ ਅਮਰੀਕਾ

ਵਾਸ਼ਿੰਗਟਨ- ਗ੍ਰਹਿ ਸੁਰੱਖਿਆ ਵਿਭਾਗ ਦੀ ਸੈਕਟਰੀ ਕ੍ਰਿਸਟੀ ਨੋਇਮ ਨੇ ਐਲਾਨ ਕੀਤਾ ਕਿ ਸੈਕਟਰੀ ਵਜੋਂ ਆਪਣੇ ਪਹਿਲੇ 200 ਦਿਨਾਂ ਵਿਚ, ਅਮਰੀਕਾ ਨੇ ਦੇਸ਼ ਭਰ ਵਿਚ ਲਗਭਗ 1.6 ਮਿਲੀਅਨ ਗੈਰ-ਕਾਨੂੰਨੀ ਪਰਦੇਸੀ ਦੀ ਗਿਰਾਵਟ ਦੇਖੀ ਹੈ। ਸੈਕਟਰੀ ਕ੍ਰਿਸਟੀ ਨੋਇਮ ਨੇ ਕਿਹਾ, 200 ਦਿਨਾਂ ਤੋਂ ਵੀ ਘੱਟ ਸਮੇਂ ਵਿਚ, 1.6 ਮਿਲੀਅਨ ਗੈਰ-ਕਾਨੂੰਨੀ ਪ੍ਰਵਾਸੀ ਸੰਯੁਕਤ ਰਾਜ ਦੀ ਆਬਾਦੀ ਛੱਡ ਕੇ ਚਲੇ ਗਏ ਹਨ। ਸੈਕਟਰੀ ਵਜੋਂ ਆਪਣੇ ਪਹਿਲੇ 200 ਦਿਨਾਂ ਵਿਚ, ਡੀ.ਐੱਚ.ਐੱਸ. ਨੇ ਇੱਕ ਅੰਤਰਰਾਸ਼ਟਰੀ, ਬਹੁ-ਮਿਲੀਅਨ ਡਾਲਰ ਦੀ ਇਸ਼ਤਿਹਾਰ ਮੁਹਿੰਮ ਵੀ ਸ਼ੁਰੂ ਕੀਤੀ ਜਿਸ ਵਿਚ ਗੈਰ-ਕਾਨੂੰਨੀ ਪਰਦੇਸੀ ਲੋਕਾਂ ਨੂੰ ਹੁਣੇ ਚਲੇ ਜਾਣ ਦੀ ਚੇਤਾਵਨੀ ਦਿੱਤੀ ਗਈ ਸੀ ਕਿਉਂਕਿ ਜੇਕਰ ਉਹ ਅਜਿਹਾ ਨਹੀਂ ਕਰਦੇ ਹਨ, ਤਾਂ ਅਸੀਂ ਉਨ੍ਹਾਂ ਨੂੰ ਗ੍ਰਿਫਤਾਰ ਕਰਾਂਗੇ ਅਤੇ ਉਨ੍ਹਾਂ ਨੂੰ ਦੇਸ਼ ਨਿਕਾਲਾ ਦੇਵਾਂਗੇ। ਇਹ ਨਵਾਂ ਡਾਟਾ ਦਰਸਾਉਂਦਾ ਹੈ ਕਿ ਗੈਰ-ਕਾਨੂੰਨੀ ਪ੍ਰਵਾਸੀ ਸਾਡਾ ਸੁਨੇਹਾ ਸੁਣ ਰਹੇ ਹਨ।

# ਪੂਰੇ ਦੇਸ਼ ’ਚ ਹੋ ਰਹੀ ਹੈ ਵੋਟ ਚੋਰੀ ਪਰ ਬਿਹਾਰ ’ਚ ਨਹੀਂ ਹੋਣ ਦਿਆਂਗੇ:ਰਾਹੁਲ

ਪਟਨਾ:-ਬਿਹਾਰ ’ਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵੋਟਰ ਸੂਚੀ ਦੇ ਵਿਸ਼ੇਸ਼ ਡੂੰਘੇ ਮੁੜ ਨਿਰੀਖਣ ਦੇ ਖ਼ਿਲਾਫ਼ ਪੂਰਾ ਆਈਐੱਨਡੀਏ ਮਜ਼ਬੂਤ ਏਕਤਾ ਨਾਲ ਜ਼ਮੀਨ ’ਤੇ ਉਤਰ ਆਇਆ ਹੈ। ਲੋਕ ਸਭਾ ਵਿਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਅਤੇ ਬਿਹਾਰ ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਆਗੂ ਤੇਜਸਵੀ ਯਾਦਵ ਦੀ ਅਗਵਾਈ ਵਿਚ ਗੱਠਜੋੜ ਦੇ ਸਾਰੇ ਵੱਡੇ ਨੇਤਾਵਾਂ ਦੀ ਮੌਜੂਦਗੀ ਵਿਚ ਸਾਸਾਰਾਮ ਤੋਂ ਐਤਵਾਰ ਨੂੰ ਵੋਟਰ ਅਧਿਕਾਰ ਯਾਤਰਾ ਦਾ ਆਗ਼ਾਜ਼ ਹੋਇਆ। ਯਾਤਰਾ ਅਗਲੇ 16 ਦਿਨਾਂ ਤੱਕ ਬਿਹਾਰ ਦੇ 25 ਜ਼ਿਲ੍ਹਿਆਂ ’ਚੋਂ ਲੰਘੇਗੀ ਅਤੇ ਲਗਪਗ 1300 ਕਿਮੀ ਦੀ ਦੂਰੀ ਤੈਅ ਕਰੇਗੀ। ਪਹਿਲੀ ਸਤੰਬਰ ਨੂੰ ਪਟਨਾ ਦੇ ਇਤਿਹਾਸਕ ਗਾਂਧੀ ਮੈਦਾਨ ’ਚ ਇਕ ਵੱਡੀ ਰੈਲੀ ਨਾਲ ਯਾਤਰਾ ਦੀ ਸਮਾਪਤੀ ਹੋਵੇਗਾ। ਵੋਟਰ ਅਧਿਕਾਰ ਯਾਤਰਾ ਦਾ ਆਗ਼ਾਜ਼ ਕਰਦਿਆਂ ਰਾਹੁਲ ਗਾਂਧੀ ਨੇ ਐੱਸਆਈਆਰ ’ਤੇ ਸਵਾਲ ਚੁੱਕੇ ਅਤੇ ਸਿੱਧੇ ਤੌਰ ’ਤੇ ਚੋਣ ਕਮਿਸ਼ਨ ਅਤੇ ਭਾਜਪਾ ਨੂੰ ਕਟਹਿਰੇ ਵਿਚ ਖੜ੍ਹਾ ਕੀਤਾ। ਕਿਹਾ ਕਿ ਅੱਜ ਪੂਰੇ ਦੇਸ਼ ’ਚ ਵੋਟ ਦੀ ਚੋਰੀ ਹੋ ਰਹੀ ਹੈ ਪਰ ਬਿਹਾਰ ਵਿਚ ਅਸੀਂ ਅਜਿਹਾ ਨਹੀਂ ਹੋਣ ਦਿਆਂਗੇ। ਜਿੱਥੇ-ਜਿੱਥੇ ਚੋਣਾਂ ਹੋ ਰਹੀਆਂ ਹਨ, ਉਥੇ-ਉਥੇ ਭਾਜਪਾ ਵੋਟ ਚੋਰੀ ਕਰ ਕੇ ਆਪਣੀ ਸਰਕਾਰ ਬਣਾ ਰਹੀ ਹੈ। ਬਿਹਾਰ ਹੋਵੇ, ਅਸਾਮ ਹੋਵੇ ਜਾਂ ਬੰਗਾਲ, ਜਿੱਥੇ ਵੀ ਵੋਟ ਦੀ ਚੋਰੀ ਹੋਵੇਗੀ, ਕਾਂਗਰਸ ਉਸਨੂੰ ਰੋਕੇਗੀ। ਬਿਹਾਰ ਵਿਚ ਵੀ ਐੱਸਆਈਆਰ ਦੇ ਜ਼ਰੀਏ ਇਹੀ ਸਾਜ਼ਿਸ਼ ਕੀਤੀ ਜਾ ਰਹੀ ਹੈ ਪਰ ਅਸੀਂ ਅਜਿਹਾ ਹੋਣ ਨਹੀਂ ਦੇਵਾਂਗੇ। ਇਹ ਲੜਾਈ ਵੋਟ ਦੇ ਅਧਿਕਾਰ ਅਤੇ ਸੰਵਿਧਾਨ ਦੀ ਰੱਖਿਆ ਦੀ ਲੜਾਈ ਹੈ।










# ਭਾਰਤ ਵਿੱਚ ਪੱਤਰਕਾਰਾਂ ਖਿਲਾਫ ਧੱਕੇਸ਼ਾਹੀ




ਸਰਕਾਰ ਨੂੰ ਵੰਗਾਰਨ ਵਾਲੀ ਵੈੱਬਸਾਈਟ 'ਦੀ ਵਾਇਰ' ਦੇ ਬਾਨੀ ਸੰਪਾਦਕ ਸਿਧਾਰਥ ਵਰਧਰਾਜਨ ਤੇ ਸੀਨੀਅਰ ਪੱਤਰਕਾਰ ਕਰਨ ਥਾਪਰ ਖਿਲਾਫ ਆਸਾਮ ਦੀ ਭਾਜਪਾ ਸਰਕਾਰ ਦੀ ਪੁਲਸ ਨੇ ਰਾਜਧ੍ਰੋਹ ਦੇ ਦੋਸ਼ਾਂ ਤਹਿਤ ਇੱਕ ਹੋਰ ਐੱਫ ਆਈ ਆਰ ਦਰਜ ਕੀਤੀ ਹੈ। ਕਰਾਈਮ ਬਰਾਂਚ ਨੇ 12 ਅਗਸਤ ਨੂੰ ਦੋਹਾਂ ਨੂੰ ਸੰਮਨ ਭੇਜ ਕੇ 22 ਅਗਸਤ ਨੂੰ ਗੁਹਾਟੀ ਦੇ ਪਾਨ ਬਾਜ਼ਾਰ ਸਥਿਤ ਕ੍ਰਾਈਮ ਬਰਾਂਚ ਦਫਤਰ ਵਿੱਚ ਪੇਸ਼ ਹੋਣ ਲਈ ਕਿਹਾ ਹੈ। ਭਾਰਤ ਦੀ ਪ੍ਰਭੂਸੱਤਾ, ਏਕਤਾ ਤੇ ਅਖੰਡਤਾ ਨੂੰ ਖਤਰੇ ਵਿੱਚ ਪਾਉਣ ਵਾਲੇ ਕੰਮ, ਧਾਰਾ 196 ਯਾਨਿ ਵੱਖ-ਵੱਖ ਸਮੂਹਾਂ ਵਿਚਾਲੇ ਦੁਸ਼ਮਣੀ ਨੂੰ ਬੜ੍ਹਾਵਾ ਦੇਣ, ਧਾਰਾ 197 (1) (ਡੀ)/3 (6), ਧਾਰਾ 353, 45 ਤੇ 61 ਤਹਿਤ ਦੋਸ਼ ਲਾਏ ਗਏ ਹਨ।

ਸੁਪਰੀਮ ਕੋਰਟ ਦੇ ਜਸਟਿਸ ਸੂਰੀਆ ਕਾਂਤ ਤੇ ਜਸਟਿਸ ਜਾਇਮਾਲਿਆ ਬਾਗਚੀ ਦੀ ਬੈਂਚ ਨੇ 'ਦੀ ਵਾਇਰ' ਦੀ ਬੀ ਐੱਨ ਐੱਸ ਦੀ ਧਾਰਾ 152 ਦੀ ਸੰਵਿਧਾਨਕਤਾ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਨੋਟਿਸ ਜਾਰੀ ਕੀਤਾ ਸੀ ਤੇ ਅਗਲੀ ਕਾਰਵਾਈ 'ਤੇ ਰੋਕ ਲਾ ਦਿੱਤੀ ਸੀ। 'ਦੀ ਵਾਇਰ' ਤੇ ਇਸ ਦੇ ਸੰਪਾਦਕਾਂ ਖਿਲਾਫ ਇਹ ਕੋਈ ਪਹਿਲਾ ਮਾਮਲਾ ਨਹੀਂ ਹੈ।

2020 ਤੇ 2021 ਵਿੱਚ ਵੀ ਯੂ ਪੀ ਸਰਕਾਰ ਨੇ ਵਰਧਰਾਜਨ ਖਿਲਾਫ ਵੱਖ-ਵੱਖ ਐੱਫ ਆਈ ਆਰ ਦਰਜ ਕੀਤੀਆਂ ਸਨ, ਜਿਨ੍ਹਾਂ ਵਿੱਚ ਕੋਵਿਡ-19 ਤੇ ਧਾਰਮਕ ਆਯੋਜਨਾਂ ਨਾਲ ਸੰਬੰਧਤ ਖਬਰਾਂ ਨੂੰ ਲੈ ਕੇ ਫਰਜ਼ੀ ਖਬਰਾਂ ਫੈਲਾਉਣ ਦਾ ਦੋਸ਼ ਲਾਇਆ ਸੀ। ਇਸ ਨੂੰ ਪੱਤਰਕਾਰ ਜਥੇਬੰਦੀਆਂ ਤੇ ਬੁੱਧੀਜੀਵੀਆਂ ਨੇ ਪ੍ਰੈੱਸ ਦੀ ਆਜ਼ਾਦੀ 'ਤੇ ਹਮਲਾ ਕਰਾਰ ਦਿੱਤਾ ਸੀ। ਹੁਣ ਵੀ ਪ੍ਰੈੱਸ ਕਲੱਬ ਆਫ ਇੰਡੀਆ, ਇੰਡੀਅਨ ਵੂਮੈਨ ਪ੍ਰੈੱਸ ਕੋਰ, ਐਡੀਟਰਜ਼ ਗਿਲਡ ਆਫ ਇੰਡੀਆ ਤੇ ਮੁੰਬਈ ਪ੍ਰੈੱਸ ਕਲੱਬ ਨੇ ਆਸਾਮ ਪੁਲਸ ਦੀ ਕਾਰਵਾਈ ਨੂੰ ਬਦਲਾਖੋਰੀ ਦੱਸਦਿਆਂ ਇਸ ਦੀ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਹੈ ਕਿ ਆਸਾਮ ਪੁਲਸ ਵੱਲੋਂ ਦੋ ਮਹੀਨਿਆਂ ਵਿੱਚ ਦੂਜੀ ਵਾਰ ਐੱਫ ਆਈ ਆਰ ਦਰਜ ਕਰਨਾ ਪੱਤਰਕਾਰਾਂ ਨੂੰ ਦਬਾਉਣ ਦੀ ਕੋਸ਼ਿਸ਼ ਨੂੰ ਦਰਸਾਉਂਦਾ ਹੈ।

ਉਨ੍ਹਾਂ ਕਿਹਾ ਕਿ ਇਸ ਧੱਕੇਸ਼ਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਏਗਾ। ਜਥੇਬੰਦੀਆਂ ਨੇ ਐੱਫ ਆਈ ਆਰ ਨੂੰ ਫੌਰੀ ਵਾਪਸ ਲੈਣ ਦੀ ਮੰਗ ਦੇ ਇਲਾਵਾ ਬੀ ਐੱਨ ਐੱਸ ਦੀ ਧਾਰਾ 152 ਨੂੰ ਹਟਾਉਣ ਲਈ ਕਿਹਾ ਹੈ, ਜਿਸ ਨੂੰ ਕਿ ਸੁਪਰੀਮ ਕੋਰਟ ਨੇ ਵੀ ਵਾਜਬ ਨਹੀਂ ਮੰਨਿਆ।

'ਦੀ ਵਾਇਰ' ਦੀ ਖੋਜੀ ਪੱਤਰਕਾਰਤਾ ਸਰਕਾਰ ਨੂੰ ਹਮੇਸ਼ਾ ਰੜਕਦੀ ਰਹੀ ਹੈ ਤੇ ਭਾਜਪਾਈ ਹਕੂਮਤਾਂ ਨਿੱਕੀ-ਨਿੱਕੀ ਗੱਲ 'ਤੇ ਉਸ ਵਿਰੁੱਧ ਐੱਫ ਆਈ ਆਰ ਦਰਜ ਕਰਨ ਤੋਂ ਬਾਜ਼ ਨਹੀਂ ਆਉਂਦੀਆਂ। ਪੱਤਰਕਾਰ ਭਾਈਚਾਰੇ ਦਾ ਫਰਜ਼ ਬਣਦਾ ਹੈ ਕਿ ਉਹ ਸਰਕਾਰ ਦੀ ਧੱਕੇਸ਼ਾਹੀ ਖਿਲਾਫ 'ਦੀ ਵਾਇਰ' ਤੇ ਇਸ ਦੇ ਪੱਤਰਕਾਰਾਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਨ ਲਈ ਸੜਕਾਂ 'ਤੇ ਨਿੱਤਰਨ।

**ਨਵਾਂ ਜ਼ਮਾਨਾ**

## (ਮੁੱਖ ਪੰਨੇ ਦੀ ਬਾਕੀ)

ਤੇ ਲੈਣਾ ਭਾਰਤੀ ਹਕੂਮਤ ਦਾ ਨਿਸ਼ਾਨਾ ਬਣ ਚੁਕਿਆ ਹੈ। ਇਸ ਦੇ ਨਾਲ-ਨਾਲ ਓਟਵਾ ਅਤੇ ਮੰਟਰੀਅਲ ਵਿਖੇ ਵੀ ਭਾਰੀ ਇਕੱਠ ਕੀਤਾ ਗਿਆ ਅਤੇ ਇਸ ਮੌਕੇ ਵੱਖ ਵੱਖ ਬੁਲਾਰਿਆਂ ਵਲੋਂ ਭਾਰਤੀ ਸਰਕਾਰ ਵੱਲੋਂ ਸਮੇਂ ਸਮੇਂ ਤੇ ਕੀਤੇ ਗਏ ਅਤੇ ਕੀਤੇ ਜਾ ਰਹੇ ਵਿਸ਼ਵਾਸਘਾਤ ਤੇ ਸਿੱਖ ਕੌਮ ਨਾਲ ਕੀਤੇ ਜਾ ਰਹੇ ਧਕੇਆਂ ਬਾਰੇ ਖੁੱਲ ਕੇ ਵੀਚਾਰ ਪੇਸ਼ ਕੀਤੇ ਗਏ। ਮੁਜਾਹਰੇ ਵਿੱਚ ਵਿਸ਼ੇਸ਼ ਤੋਰ ਤੇ ਜਲਾਵਤਨੀ ਆਗੂ ਜੱਥੇਦਾਰ ਬਾਬਾ ਸੰਤੋਖ ਸਿੰਘ ਖੇਲਾ, ਚਤਰ ਸਿੰਘ, ਜਸਵਿੰਦਰ ਸਿੰਘ ਮੈਂਟਰੀਆਲ ਸਕੱਤਰ ਗੁਰਦੁਆਰਾ ਸਾਹਿਬ ਲਸਾਲ, ਜਸਵੰਤ ਸਿੰਘ, ਸੁਖਵਿੰਦਰ ਸਿੰਘ, ਰਣਜੀਤ ਸਿੰਘ, ਪਰਮਜੀਤ ਸਿੰਘ ਤੇ ਹਰਵਿੰਦਰ ਸਿੰਘ ਸਮੂਲੀਅਤ ਕੀਤੀ। ਵੈਨਕੂਵਰ ਵਿਖੇ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਮਨਿੰਦਰ ਸਿੰਘ ਬੀਸੀ ਕੌਂਸਿਲ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਰਣਜੀਤ ਸਿੰਘ ਅਤੇ ਭਾਈ ਮਨਜਿੰਦਰ ਸਿੰਘ ਅਤੇ ਸੈਂਕੜਿਆਂ ਸੰਗਤਾਂ ਦਾ ਇਕੱਠ ਸੀ।


FIXMAN
GLASS REPAIR LTD
Auto
Residential
Commercial
"We Are The Clear Choice"
GLASS EXPRESS
Windshield Repair & Replacement
We do ICBC and Private Claims in Cars, Vans, SUV, Trucks & Taxis and Offer Mobile Service
• ਆਈ ਸੀ ਬੀ ਸੀ ਅਤੇ ਪ੍ਰਾਈਵੇਟ ਕਲੇਮ • ਕਾਰੀਗਿਰੀ, ਲੀਕਸ ਅਤੇ ਰਾਕ ਚਿਪਸ ਤੇ
• ਲਾਈਫਟਾਈਮ ਵਾਰੰਟੀ • ਮੋਬਾਈਲ ਸਰਵਿਸ • ਬੱਗ ਸਕਰੀਨ ਵੀ ਲਾਉਂਦੇ ਹਾਂ
• ਕਾਰ ਨੂੰ ਮੁਫਤ ਸਾਫ ਕਰਦੇ ਹਾਂ • ਚੱਕਣ ਅਤੇ ਛੱਡਣ ਦਾ ਵੀ ਪ੍ਰਬੰਧ ਹੈ
2 Locations Serves You
SURREY
#301-14640-64Ave Surrey
Ph:604-657-0003
LANGLEY
#102-5968 205A St
Ph:778-258-3000





Mandeep Dhaliwal
www.fixmanglass.com Email:fixmanglass@gmail.com

SAVVY
Immigration Services Inc.
ਇੰਮੀਗਰੇਸ਼ਨ ਸਬੰਧੀ ਕਿਸੇ ਵੀ ਤਰ੍ਹਾਂ ਦੀਆਂ ਸੇਵਾਵਾਂ ਲੈਣ ਲਈ ਸੰਪਰਕ ਕਰੋ
*Temporary Visa *Student Visa
*Work Permit *Permanent Immigration
*Humanitarian & Compassionate Cases
Harpreet K Grewal:604-832-9581
Email:info@savvyimmigrations.com www.savyimmigration.com
Unit A-32088, Cedar Lane, Abbotsford BC Canada
Mon–Sat:10:00 AM-06:00 PM Closed on Sunday





CANRISE IMMIGRATION
www.canriseimmigration.com
778-565-1717
CANRISE IMMIGRATION
SPOUSAL SPONSORSHIP ਸਪਾਊਜ਼ਲ ਸਪਾਂਸਰਸ਼ਿਪ
ਅਗਰ ਤੁਸੀਂ ਇੰਡੀਆ ਵਿਆਹ ਕਰਵਾਉਣ ਜਾ ਰਹੇ ਹੋ ਤਾਂ ਜਾਣ ਤੋਂ ਪਹਿਲਾਂ ਆਪਣਾ ਪੇਪਰ ਵਰਕ ਪੂਰਾ ਕਰਵਾਉਣ ਲਈ ਸਾਡੇ ਨਾਲ ਅੱਜ ਹੀ ਸੰਪਰਕ ਕਰੋ
BCPNP ਬੀ ਸੀ ਪੀ ਐਨ ਪੀ
• New BCPNP program is Open. Get FREE Assessment.
• To bring your relatives or friends in your business contact us.
• Students on Open Work Permit can apply in this program.
ਨਵਾਂ ਬੀ ਸੀ ਪੀ ਐਨ ਪੀ ਪ੍ਰੋਗਰਾਮ ਖੁੱਲ੍ਹ ਗਿਆ ਹੈ। ਫਰੀ ਅਸੈਸਮੈਂਟ ਲਓ। ਆਪਣੇ ਬਿਜਨਸ ਵਿਚ ਆਪਣੇ ਰਿਸ਼ਤੇਦਾਰ ਜਾਂ ਦੋਸਤਾਂ ਨੂੰ ਲਿਆਉਣ ਲਈ ਸਾਡੇ ਨਾਲ ਸੰਪਰਕ ਕਰੋ। ਓਪਨ ਵਰਕ ਪਰਮਿਟ ਤੇ ਵਿਦਿਆਰਥੀ ਇਸ ਪ੍ਰੋਗਰਾਮ ਲਈ ਅਪਲਾਈ ਕਰ ਸਕਦੇ ਹਨ।
• ਐਲ ਐਮ ਆਈ ਏ / ਵਰਕ ਪਰਮਿਟ
• ਮਾਤਾ-ਪਿਤਾ ਅਤੇ ਗਰੈਂਡ ਪੇਰੈਂਟਸ ਸਪਾਂਸਰਸ਼ਿਪ / ਸੁਪਰਵੀਜਾ
• ਸਪਾਊਜ਼ਲ ਸਪਾਂਸਰਸ਼ਿਪ (ਵਿਆਹ ਦੇ ਕੇਸ)
• ਬੀ. ਸੀ. ਪੀ. ਐਨ. ਪੀ.
• ਆਪਨੇ ਬਿਨਜਸ ਵਿੱਚ ਆਪਨੇ ਰਿਸ਼ਤੇਦਾਰ ਨੂੰ ਵਰਕ ਪਰਮਿਟ ਤੇ ਬੁਲਾ ਸਕਦੇ ਹੋ
• ਇਨ-ਹੋਮ ਕੇਅਰਗਿਵਰਜ (ਨੈਨੀ)
• ਸਟੂਡੈਂਟ ਵੀਜ਼ਾ
• LMIA / Work Permit
• PARENTS & GRANDPARENTS SPONSORSHIP
• SPOUSAL SPONSORSHIP (MARRIAGE CASES)
• BCPNP
• In Home Caregivers (Nanny)
• SUPER VISA FOR PARENTS
• Student Visa
OUR SERVICES:
• Visitors Visa / Skilled Workers
• Temporary Workers
• Quebec Immigration
• Family Sponsorship
• Provincial Nominees
• Canadian Experience Class
• Business / Entrepreneurs / Investor Immigration
• Extension Of Temporary Visa
• Restoration Of Status
• Refugee Claims
• Citizenship Application
• Immigration & Investment Programs For Farmers / Businessmen
CANRISE
Ranjeet S. Sohi
Registered Canadian Immigration Consultant
ICCRC Membership # R422751
#223-8028 128 St. Surrey BC V3W4E9 (Little India Plaza)

Punjab TRAVELS
Special offer!
ਅਸੀਂ ਇੰਡੀਆ ਜਾਂ ਇੰਡੀਆ ਦੇ ਕਿਸੇ ਵੀ ਕੋਨੇ ਤੇ ਆਉਣ-ਜਾਣ ਲਈ ਟਿਕਟਾਂ ਬਣਾਉਂਦੇ ਹਾਂ।





ਜੀਵਨ ਸਿੰਘ ਮੋਗਾ
▸▸ ਸਪੈਸ਼ਲ ਰੇਟ : ਏਅਰ ਕਨੈਡਾ ਅਤੇ ਚਾਈਨਾ ਏਅਰ ਲਾਈਨ
▸▸ ਸਾਰੀਆਂ ਏਅਰ ਲਾਈਨਾਂ ਦੀਆਂ ਸਸਤੀਆਂ ਟਿਕਟਾਂ
▸▸ ਅਸੀਂ ਘਰੇਲੂ ਅਤੇ ਸਾਰੇ ਦੇਸ਼ਾਂ ਦੀਆਂ ਟਿਕਟਾਂ ਵੀ ਬਣਾਉਂਦੇ ਹਾਂ
Ph : 604-825-3075, 604-744-4400
2642 Cedar Park Abbotsford, British Columbia V2T 3S5

SekCheck FINGERPRINTING SERVICES
*Digital Fingerprinting *Police Certificate CPIC
*Overseas Police Check *Ink & Roll Fingerprinting
*Name Change Application *Record Suspension *US Waiver
Ph:604-628-4446, 778-536-1188
#255-13711-72Ave Surrey, BC

# (1 ਸਤੰਬਰ ਨੂੰ ਸ਼ਹੀਦੀ ਦਿਵਸ ਤੇ ਵਿਸ਼ੇਸ਼)
# ਸ਼ਹੀਦ ਭਾਈ ਕਰਮ ਸਿੰਘ ਦੌਲਤਪੁਰ

ਭਾਈ ਕਰਮ ਸਿੰਘ ਦੌਲਤਪੁਰ ਕੈਨੇਡਾ ਦੇ ਉੱਘੇ ਗ਼ਦਰੀ ਦੇਸ਼ ਭਗਤ ਸਨ ਜਿਹੜੇ ਦੂਸਰੇ ਗ਼ਦਰੀ ਬਾਬਿਆਂ ਬਾਬਿਆਂ ਵਾਂਗ ਵਿਕਸਤ ਦੇਸ਼ ਦੇ ਖ਼ੁਸ਼ਹਾਲ ਜੀਵਨ –ਜਿਸ ਵਿੱਚ ਘਰ ਬਾਹਰ ਜ਼ਮੀਨ ਜਾਇਦਾਦ ਸ਼ਾਮਿਲ ਸਨ –ਦਾ ਮੋਹ ਤਿਆਗ ਕੇ 1914 ਨੂੰ ਦੇਸ਼ ਨੂੰ ਬਰਤਾਨਵੀ ਸਾਮਰਾਜ ਦੀ ਗ਼ੁਲਾਮੀ ਤੋਂ ਮੁਕਤ ਕਰਵਾਉਣ ਲਈ ਆਪਣੇ ਵਤਨ ਵਾਪਸ ਆ ਕੇ ਹਥਿਆਰਬੰਦ ਇਨਕਲਾਬ ਦੇ ਸੰਘਰਸ਼ ਵਿੱਚ ਕੁੱਦ ਪਏ ਸਨ। ਕਰਮ ਸਿੰਘ ਦੌਲਤਪੁਰ ਦਾ ਜਨਮ 1880 ਨੂੰ ਦੋਆਬੇ ਦੇ ਨਵਾਂਸ਼ਹਿਰ ਦੇ ਨਜ਼ਦੀਕ ਪਿੰਡ ਦੌਲਤਪੁਰ ਵਿਖੇ ਸ ਨੱਥਾ ਸਿੰਘ ਥਾਂਦੀ ਦੇ ਘਰ ਮਾਤਾ ਦੁੱਲੀ ਦੀ ਕੁੱਖੋਂ ਹੋਇਆ। ਉਨ੍ਹਾਂ ਨੇ ਅੱਠ ਸਾਲ ਦੇ ਕਰੀਬ ਫੌਜ ਵਿੱਚ ਨੌਕਰੀ ਕਰਨ ਉਪਰੰਤ ਪਿੰਡ ਆ ਕੇ ਖੇਤੀਬਾੜੀ ਦਾ ਕੰਮ ਸੰਭਾਲ ਲਿਆ। ਫੌਜ ਦੀ ਨੌਕਰੀ ਦੌਰਾਨ ਮਿਲੇ ਬਾਬਾ ਕਰਮ ਸਿੰਘ ਹੋਤੀ ਮਰਦਾਨ ਵਾਲਿਆਂ ਦੇ ਪ੍ਰਭਾਵ ਸਦਕਾ ਉਹ ਪਿੰਡ ਵਿੱਚ ਹੀ ਭੋਰਾ ਪੁੱਟ ਕੇ ਪ੍ਰਭੂ ਭਗਤੀ ਵਿੱਚ ਲੀਨ ਰਹਿਣ ਲੱਗ ਪਏ। ਉਨ੍ਹਾਂ ਦੀ ਇਸ ਰੁਚੀ ਬਾਰੇ ਜਾਣ ਕੇ ਉਨ੍ਹਾਂ ਨੂੰ ਦੁਨੀਆਦਾਰੀ ਨਾਲ ਜੋੜੀ ਰੱਖਣ ਉਦੇਸ਼ ਨਾਲ ਉਨ੍ਹਾਂ ਦੇ ਕੈਨੇਡਾ ਰਹਿੰਦੇ ਚਾਚਾ ਵਰਿਆਮ ਸਿੰਘ ਤੇ ਭਰਾ ਹਰੀ ਸਿੰਘ ਨੇ ਆਪਣੇ ਕੋਲ ਵੈਨਕੂਵਰ ਦੇ ਨਜ਼ਦੀਕ ਐਬਟਸਫੋਰਡ ਵਿਖੇ ਬੁਲਾ ਲਿਆ। ਏਥੇ ਉਹ ਸੰਤ ਤੇਜਾ ਸਿੰਘ ਦੀ। ' ਗੁਰੂ ਨਾਨਕ ਮਾਈਨਿੰਗ ਐਂਡ ਟ੍ਰਸਟ ਕੰਪਨੀ ਫ਼#39; ਵਿੱਚ ਹਿੱਸੇਦਾਰ ਸਨ। ਕੈਨੇਡਾ ਵਿੱਚ ਭਾਈ ਕਰਮ ਸਿੰਘ ਨੇ ਇੱਥੇ ਚਲਦੇ ਨਸਲੀ ਵਿਤਕਰਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਭਾਰਤੀਆਂ ਨਾਲ ਜੁੜ ਗਏ। ਜਦੋਂ 1913 ਗ਼ਦਰ ਪਾਰਟੀ ਦਾ ਗਠਨ ਹੋਇਆ ਤਾਂ ਭਾਈ ਕਰਮ ਸਿੰਘ ਦੌਲਤਪੁਰ ਨੇ ਵੀ ਵੈਨਕੂਵਰ ਦੇ ਖ਼ਾਲਸਾ ਦੀਵਾਨ ਸੁਸਾਇਟੀ ਦੇ ਆਗੂਆਂ ਨਾਲ ਇਸ ਦਾ ਹਿੱਸਾ ਬਣ ਕੇ ਸਰਗਰਮੀ ਨਾਲ ਕੰਮ ਕਰਨਾ ਆਰੰਭ ਕਰ ਦਿੱਤਾ। ਉਹ ਗ਼ਦਰ ਕਰਨ ਦੇ ਉਦੇਸ਼ ਨਾਲ 1914 ਵਿੱਚ ਦੂਸਰੇ ਗ਼ਦਰੀ ਆਗੂਆਂ ਸਮੇਤ ਭਾਰਤ ਪਰਤ ਆਏ। ਖ਼ੁਫ਼ੀਆ ਰਿਪੋਰਟ ਦੇ ਆਧਾਰ ਤੇ ਸਰਕਾਰ ਨੇ ਉਨ੍ਹਾਂ ਨੂੰ ਪਿੰਡ ਦੌਲਤਪੁਰ ਵਿੱਚ 1918 ਤਕ ਜੂਹਬੰਦ ਕਰੀ ਰੱਖਿਆ। ਜੂਹਬੰਦੀ ਖਤਮ ਹੋਣ ਉਪਰੰਤ ਉਹ ਆਪਣੇ ਸਾਥੀਆਂ ਸਮੇਤ ਨਨਕਾਣਾ ਸਾਹਿਬ ਗਏ ਜਿੱਥੇ ਸਰਕਾਰ ਦੀ ਸ਼ਹਿ ਤੇ ਮਹੰਤ ਨਾਰਾਇਣ ਦਾਸ ਨੇ ਸ਼ਰਧਾਲੂ ਸੰਗਤਾਂ ਅਤੇ ਸਿੱਖ ਆਗੂ ਭਾਈ ਲਸ਼ਮਣ ਸਿੰਘ ਨੂੰ ਘੇਰ ਕੇ ਬੜੀ ਕਰੂਰਤਾ ਨਾਲ ਕਤਲ ਕਰ ਦਿੱਤਾ ਸੀ ਜਿਸ ਭਿਅੰਕਰ ਘਟਨਾ ਨੂੰ ਨਨਕਾਣਾ ਸਾਹਿਬ ਦੇ ਖ਼ੂਨੀ ਸਾਕੇ ਵਜੋਂ ਯਾਦ ਕੀਤਾ ਜਾਂਦਾ ਹੈ।ਇੱਥੇ ਭਾਈ ਸਾਹਿਬ ਨੇ ਅੰਮ੍ਰਿਤ ਛਕ ਕੇ ਆਪਣਾ ਨਾਂ ਨਰੈਣ ਸਿੰਘ ਤੋਂ ਕਰਮ ਸਿੰਘ ਰੱਖ ਲਿਆ ਅਤੇ ਗੁਰਦੁਆਰਾ ਸੁਧਾਰ ਲਹਿਰ ਵਿੱਚ ਕੁੱਦਣ ਦਾ ਫੈਸਲਾ ਕਰ ਲਿਆ।

ਗੁਰੂ ਕੇ ਬਾਗ ਵਿੱਚ ਸ਼ਾਂਤਮਈ ਅਕਾਲੀ ਅੰਦੋਲਨ ਉੱਤੇ ਹੋਏ ਸਰਕਾਰੀ ਜ਼ੁਲਮ ਨੂੰ ਦੇਖ ਕੇ ਉਨ੍ਹਾਂ ਹਥਿਆਰਬੰਦ ਸੰਘਰਸ਼ ਕਰਨ ਦਾ ਰਸਤਾ ਅਖ਼ਤਿਆਰ ਕੀਤਾ। ਉਸ ਸਮੇਂ ਮਾਸਟਰ ਮੋਤਾ ਸਿੰਘ ਅਤੇ ਕਿਸ਼ਨ ਸਿੰਘ ਗੜਗੱਜ ਦੀ ਅਗਵਾਈ ਵਿੱਚ ਇਨਕਲਾਬੀ ਦੇਸ਼ ਭਗਤਾਂ ਨੇ ਫ਼#39;ਚੱਕਰਵਰਤੀ ਜਥਾ ਫ਼#39; ਬਣਾ ਕੇ ਜਲੰਧਰ ਦੇ ਇਲਾਕੇ ਵਿੱਚ ਬਰਤਾਨਵੀ ਸਰਕਾਰ ਅਤੇ ਉਸਦੇ ਹੱਥਠੋਕੇ ਸਰਕਾਰ ਪ੍ਰਸਤਾਂ ਵਿਰੁੱਧ ਸੰਘਰਸ਼ ਆਰੰਭ ਕੀਤਾ ਹੋਇਆ ਸੀ । ਭਾਈ ਕਰਮ ਸਿੰਘ ਦੌਲਤਪੁਰ ਨੇ ਆਪਣੇ ਕੈਨੇਡਾ ਤੋਂ ਆਏ ਆਸਾ ਸਿੰਘ ਭੁਕੜੂਦੀ, ਹਰੀ ਸਿੰਘ ਸੂੰਢ ਤੇ ਕਰਮ ਸਿੰਘ ਝਿੰਗੜ ਅਤੇ ਹੋਰ ਸਾਥੀਆਂ ਨਾ.ਲ ਮਿ.ਲ ਕੇ ਇਹੀ ਸੰਘਰਸ਼ ਬੰਗਾ, ਨਵਾਂ ਸ਼ਹਿਰ ਅਤੇ ਮਾਹਿਲਪੁਰ ਦੇ ਇਲਾਕਿਆਂ ਵਿੱਚ ਵਿੱਢਿਆ



ਹੋਇਆ ਸੀ। ਭਾਈ ਕਰਮ ਸਿੰਘ ਦੌਲਤਪੁਰ ਨੇ ਆਪਣੇ ਸੰਘਰਸ਼ ਦੇ ਪ੍ਰਚਾਰ ਲਈ ਗ਼ਦਰ ਪਾਰਟੀ ਦੇ ਪਰਚੇ ਗ਼ਦਰ ਦੀ ਤਰਜ਼ ਤੇ ਇੱਕ ਅਖ਼ਬਾਰ;ਬੱਬਰ ਅਕਾਲੀ ਦੁਆਬਾ; ਪ੍ਰਕਾਸ਼ਿਤ ਕਰਨਾ ਆਰੰਭ ਕੀਤਾ ਜਿਸ ਨੂੰ ਉਹ ਪਹਿਲਾਂ ਸਫ਼ਰੀ ਅਤੇ ਬਾਅਦ ਵਿੱਚ ਉਡਾਰੂ ਪ੍ਰੈੱਸ ਨਾਮ ਤਹਿਤ ਛਾਪਦੇ ਰਹੇ। ਭਾਈ ਕਰਮ ਸਿੰਘ ਦੌਲਤਪੁਰ ਨੇ;ਬੱਬਰ ਅਕਾਲੀ ਦੁਆਬਾ; ਪਰਚੇ ਦੇ ਪ੍ਰਕਾਸ਼ਨ ਲਈ ਪਿੰਡ ਬਛੌੜੀ ਦੇ ਨੰਬਰਦਾਰ ਰਾਮ ਦਿੱਤਾ ਤੋਂ ਸਰਕਾਰੀ ਮਾਲੀਏ ਦੇ ਪੈਸੇ ਖੋਹ ਕੇ ਸਾਈਕਲੋ ਸਟਾਈਲ ਮਸ਼ੀਨ ਖਰੀਦ ਕੇ 22 ਅਗਸਤ 1922 ਨੂੰ ਪਹਿਲਾ ਅੰਕ ਪ੍ਰਕਾਸ਼ਿਤ ਕਰਕੇ ਦੇਸ਼ ਭਗਤਾਂ ਦੀ ਮੁਖਬਰੀ ਕਰਨ ਵਾਲੇ ਝੋ.ਲੀ ਚੁੱਕਾਂ ਵਰਜਦਿਆਂ ਲਿਖਿਆ ਕਿ ਅੱਗੇ ਤੋਂ ਇਸ ਕੁਕਰਮ ਦੀ ਸਜ਼ਾ ਮੌਤ ਹੋਵੇਗੀ। ਇਸ ਉਪਰੰਤ ਪਰਚੇ ਦੇ ਮਈ 1923 ਤਕ 15 ਅੰਕ ਪ੍ਰਕਾਸ਼ਿਤ ਹੋਏ। ਭਾਈ ਸਾਹਿਬ ਦੇ ਇਸ ਸ਼ਕਤੀਸ਼ਾਲੀ ਪ੍ਰਚਾਰ ਮਾਧਿਅਮ ਤੋਂ ਪ੍ਰਭਾਵਿਤ ਹੋ ਕੇ ਜਥੇਦਾਰ ਕਿਸ਼ਨ ਸਿੰਘ ਗੜਗੱਜ ਨੂੰ ਮਿਲ ਕੇ ਸਾਂਝੇ ਸੰਘਰਸ਼ ਦੀ ਵਿਓਂਤਬੰਦੀ ਕਰਨ ਦਾ ਮਨ ਬਣਾਇਆ।ਭਾਈ ਸਾਹਿਬ ਦੇ ਸਾਥੀ ਆਸਾ ਸਿੰਘ ਭੁਕੜੂਦੀ ਨੇ ਜਥੇਦਾਰ ਕਿਸ਼ਨ ਸਿੰਘ ਗੜਗੱਜ ਦੀ ਇਸ ਇੱਛਾ ਤੇ ਉਨ੍ਹਾਂ ਨੂੰ ਭਾਈ ਕਰਮ ਸਿੰਘ ਦੌਲਤਪੁਰ ਨਾਲ ਮਿਲਵਾਇਆ।ਇਸ ਮਿ.ਲਨੀ ਉਪਰੰਤ ਚਕਰਵਰਤੀ ਜੱਥਾ ਭਾਈ ਦੌਲਤਪੁਰ ਦੀ ਲਹਿਰ ਵਿੱਚ ਮਿਲਾ ਕੇ ਇਸ ਦਾ ਨਾਮ ਬੱਬਰ ਅਕਾਲੀ ਜਥਾ ਰੱਖ ਲਿਆ। ਜਥੇਦਾਰ ਗੜਗੱਜ ਨੇ ਸਾਥੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਅੱਗੇ ਤੋਂ ਭਾਈ ਸਾਹਿਬ ਨੂੰ ਬੱਬਰ ਸਾਹਿਬ ਕਿਹਾ ਕਰਨਗੇ ਅਤੇ;ਬੱਬਰ ਅਕਾਲੀ ਦੁਆਬਾ ਦੇ ਐਡੀਟਰ ਵੀ ਭਾਈ ਕਰਮ ਸਿੰਘ ਦੌਲਤਪੁਰ ਹੀ ਰਹਿਣਗੇ।

ਬੱਬਰ ਅਕਾਲੀ ਲਹਿਰ ਦੀਆਂ ਸਰਕਾਰ ਪ੍ਰਸਤਾਂ ਤੇ ਮੁਖ਼ਬਰਾਂ ਨੂੰ ਸੋਧਣ ਕਾਰਵਾਈਆਂ ਦੇ ਆਤੰਕ ਨੇ ਸਰਕਾਰ ਨੂੰ ਫਿਕਰਾਂ ਵਿੱਚ ਪਾ ਦਿੱਤਾ। ਸਰਕਾਰ ਨੇ ਆਪਣੇ ਦਮਨ – ਚੱਕਰ ਨੂੰ ਤੇਜ਼ ਕਰਨ ਹਿਤ ਬੱਬਰਾਂ ਨੂੰ ਗ੍ਰਿਫਤਾਰ ਕਰਵਾਉਣ ਵਾਲਿਆਂ ਨੂੰ ਵੱਡੇ ਵੱਡੇ ਲਾਲਚਾਂ ਦੀ ਪੇਸ਼ਕਸ਼ ਦਿੱਤੀ। ਭਾਈ ਕਰਮ ਸਿੰਘ ਦੌਲਤਪੁਰ ਦਾ ਧਰਮ–ਪੁੱਤਰ ਬਣਿਆ ਸਾਥੀ ਅਨੂਪ ਸਿੰਘ ਇਸ ਲੋਭ–ਚੱਕਰ ਵਿੱਚ ਫਸ ਗਿਆ। ਉਸਨੇ 31 ਅਗਸਤ ਅਤੇ 1 ਸਤੰਬਰ 1923 ਵਿਚਲੀ ਰਾਤ ਨੂੰ ਭਾਈ ਕਰਮ ਸਿੰਘ ਦੌਲਤਪੁਰ,ਉਦੇ ਸਿੰਘ ਰਾਮਗੜ੍ਹ ਝੁੰਗੀਆਂ , ਬਿਸ਼ਨ ਸਿੰਘ ਮਾਂਗਟ ਤੇ ਮਹਿੰਦਰ ਸਿੰਘ ਪੰਡੋਰੀ ਗੰਗਾ ਸਿੰਘ ਦੀ ਖ਼ਬਰ ਪੁਲਿਸ ਨੂੰ ਪਹੁੰਚਾ ਕੇ ਉਨ੍ਹਾਂ ਨੂੰ ਘੇਰਾ ਪਵਾ ਦਿੱਤਾ। ਇਸ ਤੋਂ ਪਹਿਲਾਂ ਅਨੂਪ ਸਿੰਘ ਇਨ੍ਹਾਂ ਦੇ ਹਥਿਆਰ ਨਕਾਰਾ ਕਰ ਕੇ ਆਪ ਪੇਟ ਦੀ ਖ਼ਰਾਬੀ ਦਾ ਬਹਾਨਾ ਬਣਾ ਕੇ ਉਥੋਂ ਚਲਾ ਗਿਆ। ਪਹਿਲੀ ਸਤੰਬਰ ਨੂੰ ਸਵੇਰੇ ਤੜਕੇ ਪਏ ਪੁਲਿਸ ਦੇ ਘੇਰੇ ਦੌਰਾਨ ਇਹ ਚਾਰੇ ਦੇਸ਼ ਭਗਤ ਮੁਕਾਬਲਾ ਕਰਦੇ ਹੋਏ ਫਗਵਾੜੇ ਕੋਲ ਬਬੇਲੀ ਪਿੰਡ ਵਿੱਚ ਸ਼ਹਾਦਤ ਦਾ ਪੀ ਗਏ। ਇਨ੍ਹਾਂ ਮਹਾਨ ਇਨਕਲਾਬੀ ਸੂਰਬੀਰਾਂ ਦਾ ਸ਼ਹੀਦੀ ਦਿਵਸ ਪਿੰਡ ਦੌਲਤਪੁਰ (ਭਾਰਤ) ਹੈਰੀਟੇਜ ਗੁਰਦੁਆਰਾ ਐਬਟਸਫੋਰਡ ਵਿਖੇ ਬੜੀ ਸ਼ਰਧਾ ਨਾਲ ਮਨਾਇਆ ਜਾਂਦਾ ਹੈ ਜਿੱਥੇ ਇਨ੍ਹਾਂ ਦੀਆਂ ਯਾਦਗਾਰਾਂ ਸਥਾਪਿਤ ਕੀਤੀਆਂ ਗਈਆਂ ਹਨ।

**ਡਾ.ਗੋਪਾਲ ਸਿੰਘ ਬੁੱਟਰ**
**ਮੋ.9915005814**

**ਮਨ ਮਨੁੱਖ ਦੀ ਕੁੰਜੀ ਹੈ** **Mind is the key to the man.**

**NATURAL HOMEOPATHIC SOLUTIONS**

**Homeopathic Natural Products And Consultations**

**• Stress • Obesity & Weight Management & much more**

**2nd Location at Abbotsford also**
**#1, 32056 Cedar Park**
**(Above Dr. Chan Medical Clinic)**
**CALL Dr. Shveta : 604-304-2236**
MBBS, MD & DHMHS (ONT.)

**• Children & Ladies Problems and much more**



**"Homeopath R S Saini receiving International Award"**

Director, West coast Homeopathic Society of Canada

**We Have Effective New Medicines Based On Latest Research For The Cure Of:**
- Allergy Conditions
- Colitis
- De-addiction
- Migraine
- Sexual Problems
- Arthritis
- Stress Anxiety
- All Auto-Immune Diseases

**Dr.R S Saini & Dr. Shveta Has The Latest Knowledge For The Cure Of These Diseases.**

ਹੋਮਿਓਪੈਥ ਆਰ. ਐਸ. ਸੈਣੀ D.HOM. (London), MD(AM), International Medal Awardee 1973 ਤੋ ਐਕਟਿਵ ਪ੍ਰੈਕਟਿਸ ਵਿੱਚ

**For Abbotsford**
#1, 32056 Cedar Park (Above Dr. Chan Medical Clinic)
**Appointments Call Dr. Shveta**
MBBS, MD & DHMHS (ONT.)
**604-304-2236**

**For Surrey**
231-8138-128 ST., SURREY
(2ND FLOOR PAYAL BUSINESS CENTER)
**604-502-9579**
www.homeopathsaini.com

# ਗੁਰਦੁਆਰਾ ਗੁਰਸਾਗਰ ਮਸਤੂਆਣਾ ਸਾਹਿਬ
## 11267-125A St, Surrey, BC

## ਇਸ ਹਫਤੇ ਦੇ ਪ੍ਰੋਗਰਾਮ

*22 ਅਗਸਤ ਦਿਨ ਸ਼ੁੱਕਰਵਾਰ ਹਾਲ ਨੰ:2 ਵਿਚ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸਮੂਹ ਸੰਗਤਾਂ ਵੱਲੋਂ ਅਖੰਡ ਪਾਠ ਸਾਹਿਬ ਆਰੰਭ ਹੋਣਗੇ।
*22 ਅਗਸਤ ਦਿਨ ਸ਼ੁੱਕਰਵਾਰ ਸੁਖਮਨੀ ਸਾਹਿਬ ਦੇ ਪਾਠ ਦੀ ਸੇਵਾ ਸੁਖਦੇਵ ਸਿੰਘ ਅਤੇ ਬੇਟੀ ਰਾਜ ਵੱਲੋਂ ਹੋਵੇਗੀ।
*23 ਅਗਸਤ ਦਿਨ ਸ਼ਨਿੱਚਰਵਾਰ ਸਵੇਰੇ 9.30 ਵਜੇ ਸੁਖਮਨੀ ਸਾਹਿਬ ਦੇ ਪਾਠ, ਕੀਰਤਨ ਤੇ ਲੰਗਰ ਦੀ ਸੇਵਾ ਗੁਰਵਿੰਦਰ ਸਿੰਘ ਪਰਿਵਾਰ ਅਤੇ ਘੋਟੜਾ ਪਰਿਵਾਰ ਵੱਲੋਂ ਹੋਵੇਗੀ।
*23 ਅਗਸਤ ਦਿਨ ਸ਼ਨਿੱਚਰਵਾਰ ਸਵੇਰੇ 9.30 ਵਜੇ ਸੁਖਮਨੀ ਸਾਹਿਬ ਦੇ ਪਾਠ, ਲੰਗਰ ਅਤੇ ਕੀਰਤਨ ਦੀ ਸੇਵਾ ਗੁਰਜੀਤ ਸਿੰਘ ਪਰਿਵਾਰ ਵੱਲੋਂ ਹੋਵੇਗੀ।
*23 ਅਗਸਤ ਦਿਨ ਸ਼ਨਿੱਚਰਵਾਰ ਦੁਪਹਿਰ 2 ਵਜੇ ਮਿ. ਬੱਗੂ ਰਾਮ ਦਾ ਫਾਈਵ ਰਿਵਰ ਫਿਊਨਰਲ ਹੋਮ ਵਿਖੇ ਅੰਤਮ ਸਸਕਾਰ ਹੋਵੇਗਾ ਉਪਰੰਤ ਗੁਰੂਘਰ ਵਿਖੇ ਸ਼ਾਮ 3.30 ਵਜੇ ਅਰਦਾਸ ਹੋਵੇਗੀ।
*23 ਅਗਸਤ ਦਿਨ ਸ਼ਨਿੱਚਰਵਾਰ ਸ਼ਾਮ 4.30 ਵਜੇ ਸੁਖਮਨੀ ਸਾਹਿਬ ਦੇ ਪਾਠ, ਕੀਰਤਨ ਅਤੇ ਲੰਗਰ ਦੀ ਸੇਵਾ ਅਮਨਪ੍ਰੀਤ ਸਿੰਘ ਪਰਿਵਾਰ ਵੱਲੋਂ ਹੋਵੇਗੀ।
*24 ਅਗਸਤ ਦਿਨ ਐਤਵਾਰ ਸਵੇਰੇ ਅਖੰਡਪਾਠ ਸਾਹਿਬ ਦੇ ਭੋਗ ਪਾਏ ਜਾਣਗੇ।ਉਪਰੰਤ ਦੁਪਹਿਰ 12.30 ਵਜੇ ਤੱਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਤੇ ਵਿਸ਼ੇਸ਼ ਦੀਵਾਨ ਸਜਣਗੇ।
*24 ਅਗਸਤ ਦਿਨ ਐਤਵਾਰ ਸਵੇਰੇ 9.30 ਵਜੇ ਸੁਖਮਨੀ ਸਾਹਿਬ ਦੇ ਪਾਠ, ਕੀਰਤਨ ਤੇ ਲੰਗਰਾਂ ਦੀ ਸੇਵਾ ਸਤਨਾਮ ਸਿੰਘ ਪਰਿਵਾਰ ਵੱਲੋਂ ਹੋਵੇਗੀ।

**ਹਰ ਮੱਸਿਆ ਤੇ ਸ਼ਾਮ ਨੂੰ 6-9 ਵਜੇ ਵਿਸ਼ੇਸ਼ ਪ੍ਰੋਗਰਾਮ ਹੁੰਦੇ ਹਨ**

ਵਾਹਿਗੁਰੂ ਜੀ ਕਾ ਖਾਲਸਾ।।
ਵਾਹਿਗੁਰੂ ਜੀ ਕੀ ਫਤਹਿ।।
ਗੁ. ਗੁਰਸਾਗਰ ਮਸਤੂਆਣਾ ਸਾਹਿਬ ਸਰੀ ਵਿਖੇ
**ਗੁਰਬਾਣੀ ਸਿਮਰਨ**
**ਹਰ ਐਤਵਾਰ**
**ਦੁਪਹਿਰ 1 ਤੋਂ 4 ਵਜੇ ਤੱਕ**
ਹੁੰਦੇ ਹਨ, ਸਭ ਸੰਗਤਾਂ ਪਹੁੰਚ ਕੇ ਲਾਹੇ ਪ੍ਰਾਪਤ ਕਰੋ ਜੀ





**ਰਾਗੀ ਜੱਥਾ**
ਸਤਨਾਮ ਸਿੰਘ
ਲੁਧਿਆਣੇ ਵਾਲੇ

**ਕਥਾਵਾਚਕ**
ਗਿਆਨੀ ਜੈਵੀਰ ਸਿੰਘ
ਕਰਨਾਲ ਵਾਲੇ

**ਤਬਲਾ ਸਿੱਖਣ ਲਈ ਸੰਪਰਕ ਕਰੋ:**
**604-413-7171**

**ਗੁਰੂਘਰ ਵਿਖੇ ਤਬਲਾ, ਕੀਰਤਨ ਅਤੇ ਗੁਰਬਾਣੀ ਸੰਥਿਆ ਦੀਆਂ ਕਲਾਸਾਂ ਸ਼ੁਰੂ ਹਨ**

**ਪ੍ਰੋਗਰਾਮ ਬੁਕਿੰਗ ਲਈ ਸੰਪਰਕ ਕਰ ਸਕਦੇ ਹੋ: ਗੁਰਦੁਆਰਾ ਸਾਹਿਬ:604-413-7171**
**ਗਿ. ਮਹਿੰਦਰ ਸਿੰਘ ਮਹਿਸੰਮਪੁਰ:778-713-5121 ਗਿ. ਬਲਦੇਵ ਸਿੰਘ:604-719-2007**

## ਰੋਜਾਨਾ ਦੇ ਪ੍ਰੋਗਰਾਮ
### ਸਵੇਰੇ

5 ਵਜੇ ਸਵੇਰੇ:ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼
5:15-6:15 ਵਜੇ ਤੱਕ :ਪੰਜ ਬਾਣੀਆਂ ਦੇ ਨਿਤਨੇਮ
6.30 -8 ਵਜੇ ਤੱਕ: ਆਸਾ ਜੀ ਦੀ ਵਾਰ ਦੇ ਕੀਰਤਨ
8-8:30 ਵਜੇ ਤੱਕ: ਕਥਾ ਹੁਕਮਨਾਮਾ
8:30-10 ਵਜੇ ਤੱਕ: ਕੀਰਤਨ ਅਤੇ ਸਮਾਪਤੀ

### ਸ਼ਾਮ

6-6.30 ਵਜੇ ਤੱਕ:ਪਾਠ ਸੋਦਰ
6:30 -8 ਵਜੇ ਤੱਕ:ਗੁਰਬਾਣੀ ਕੀਰਤਨ ਅਤੇ ਸਮਾਪਤੀ

# ਟਰੱਕ ਡਰਾਈਵਰ ਹਰਜਿੰਦਰ ਸਿੰਘ ‘ਤੇ ਲੱਗੇ ਕਤਲ ਦੇ ਚਾਰਜ
## 3 ਲੋਕਾਂ ਦੀ ਜਾਨ ਲੈਣ ਦੇ ਦੋਸ਼ਾਂ ਹੇਠ ਮਾਮਲਾ ਦਰਜ



ਫਲੋਰੀਡਾ- ਫਲੋਰੀਡਾ ਵਿਚ ਹੋਏ ਇੱਕ ਦਰਦਨਾਕ ਹਾਦਸੇ ਤੋਂ ਬਾਅਦ ਪੰਜਾਬੀ ਟਰੱਕ ਡਰਾਈਵਰ ਹਰਜਿੰਦਰ ਸਿੰਘ ਖ਼ਬਰਾਂ ਦੀਆਂ ਸੁਰਖੀਆਂ ਬਣਿਆ ਹੋਇਆ ਹੈ। ਪੁਲਿਸ ਨੇ ਉਸ ‘ਤੇ 3 ਲੋਕਾਂ ਦੀ ਜਾਨ ਲੈਣ ਦੇ ਦੋਸ਼ਾਂ ਹੇਠ ਕਤਲ ਦਾ ਮਾਮਲਾ ਦਰਜ ਕੀਤਾ ਹੈ। ਰਿਪੋਰਟਾਂ ਮੁਤਾਬਕ, ਹਾਦਸਾ ਉਸ ਸਮੇਂ ਵਾਪਰਿਆ ਜਦੋਂ ਹਰਜਿੰਦਰ ਸਿੰਘ ਹਾਈਵੇ ‘ਤੇ ਯੂ-ਟਰਨ ਮਾਰ ਰਿਹਾ ਸੀ। ਇਸ ਦੌਰਾਨ ਉਸਦੇ ਟਰੱਕ ਨਾਲ ਟੱਕਰ ਹੋਈ, ਜਿਸ ਨਾਲ 3 ਲੋਕਾਂ ਦੀ ਮੌਤ ਹੋ ਗਈ।ਪੁਲਿਸ ਨੇ ਹਰਜਿੰਦਰ ਉੱਪਰ 3 ਕਤਲਾਂ ਦੇ ਦੋਸ਼, ਇਮੀਗ੍ਰੇਸ਼ਨ ਕਾਨੂੰਨਾਂ ਦੀ ਉਲੰਘਣਾ ਅਤੇ ਝੂਠੇ ਲਾਇਸੈਂਸ ਦੀ ਵਰਤੋਂ ਦੇ ਮਾਮਲੇ ਦਰਜ ਕੀਤੇ ਹਨ।ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਹਰਜਿੰਦਰ ਸਿੰਘ 2018 ਵਿਚ ਗੈਰ-ਕਾਨੂੰਨੀ ਤਰੀਕੇ ਨਾਲ ਮੈਕਸੀਕੋ ਰਾਹੀਂ ਅਮਰੀਕਾ ਵਿਚ ਦਾਖਲ ਹੋਇਆ ਸੀ ਅਤੇ ਬਾਅਦ ਵਿਚ ਕੈਲੀਫੋਰਨੀਆ ਤੋਂ ਸ਼ਾਇਦ ਜਾਲਸਾਜ਼ੀ ਨਾਲ ਟਰੱਕ ਦਾ ਲਾਇਸੈਂਸ ਹਾਸਲ ਕੀਤਾ। ਹਾਦਸੇ ਵੇਲੇ ਟਰੱਕ ਵਿਚ ਦੋ ਹੋਰ ਯਾਤਰੀ ਵੀ ਸਵਾਰ ਸਨ, ਜੋ ਕਿ ਕਮਰਸ਼ੀਅਲ ਟਰੱਕਿੰਗ ਨਿਯਮਾਂ ਅਨੁਸਾਰ ਗੈਰ-ਕਾਨੂੰਨੀ ਹੈ। ਹਰਜਿੰਦਰ ਸਿੰਘ ਨੂੰ ਕਤਲ ਦੇ ਮਾਮਲੇ ਵਿਚ 7 ਤੋਂ 15 ਸਾਲ ਤੱਕ ਦੀ ਸਜ਼ਾ ਹੋ ਸਕਦੀ ਹੈ। ਪੁਲਿਸ ਅਨੁਸਾਰ, ਕੇਸ ਦੇ ਫੈਸਲੇ ਤੋਂ ਬਾਅਦ ਉਸ ਨੂੰ ਭਾਰਤ ਡਿਪੋਰਟ ਕਰਨ ਦੀ ਕਾਰਵਾਈ ਵੀ ਕੀਤੀ ਜਾਵੇਗੀ।ਯਾਦ ਰਹੇ ਕਿ ਪਿਛਲੇ ਕੁਝ ਸਾਲਾਂ ਤੋਂ ਅਮਰੀਕੀ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਗੈਰ-ਕਾਨੂੰਨੀ ਡਰਾਈਵਰਾਂ ਅਤੇ ਇਮੀਗ੍ਰੇਸ਼ਨ ਖ਼ਿਲਾਫ਼ ਸਖ਼ਤ ਰਵੱਈਆ ਅਪਣਾਇਆ ਹੋਇਆ ਹੈ। ਇਸ ਕਰਕੇ ਸੰਭਾਵਨਾ ਹੈ ਕਿ ਹਰਜਿੰਦਰ ਸਿੰਘ ਦੇ ਕੇਸ ਨੂੰ ਅਧਾਰ ਬਣਾਉਂਦੇ ਹੋਏ ਉਸ ਨੂੰ ਵੱਧ ਤੋਂ ਵੱਧ ਸਜ਼ਾ ਦਿੱਤੀ ਜਾਵੇ।

# ਜੇਕਰ ਹੁਕਮਰਾਨਾਂ ਨੇ ਸਿੱਖ ਕੌਮ ਨਾਲ ਜ਼ਬਰ/ਜ਼ੁਲਮ ਅਤੇ ਜਲੀਲ ਕਰਨਾ ਹੈ ਤਾਂ ਖਾਲਿਸਤਾਨ ਦਾ ਬਣਨਾ ਹੋਰ ਵੀ ਜਰੂਰੀ:ਮਾਨ

ਪਟਿਆਲਾ(ਕੁਲਦੀਪ ਸਿੰਘ ਸ਼ੁਤਰਾਣਾ)-ਜੇਕਰ ਅੱਜ ਸਿੱਖ ਕੌਮ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ), ਦਲ ਖਾਲਸਾ ਅਤੇ ਹੋਰ ਆਜਾਦੀ ਚਾਹੁਣ ਵਾਲੀਆਂ ਜੁਝਾਰੂ ਜਥੇਬੰਦੀਆਂ ਇੰਡੀਆ ਅਤੇ ਵਿਦੇਸ਼ਾਂ ‘ਚ ਸੰਪੂਰਨ ਪ੍ਰਭੂਸੱਤਾ ਆਜਾਦ ਸਿੱਖ ਸਟੇਟ ਖਾਲਿਸਤਾਨ ਬਣਾਉਣ ਲਈ ਜਮਹੂਰੀਅਤ ਢੰਗ ਨਾਲ ਸਰਗਰਮੀਆ ਕਰ ਰਹੀਆ ਹਨ, ਤਾਂ ਇਸਦਾ ਮੁੱਖ ਕਾਰਨ 1947 ਤੋਂ ਲੈਕੇ ਅੱਜ ਤੱਕ ਹੁਕਮਰਾਨਾਂ ਵੱਲੋਂ ਸਿੱਖ ਕੌਮ ਨਾਲ ਹਰ ਖੇਤਰ ‘ਚ ਜ਼ਬਰ-ਜੁਲਮ, ਵਿਤਕਰੇ, ਵਖਰੇਵੇ ਅਤੇ ਬੇਇਨਸਾਫ਼ੀਆਂ ਹੀ ਨਹੀਂ, ਬਲਕਿ ਸਿੱਖਾਂ ਦੇ ਦੇਸ਼/ਵਿਦੇਸ਼ ‘ਚ ਕਤਲ ਵੀ ਕਰਵਾਏ ਜਾ ਰਹੇ ਹਨ। ਇਸ ਦਾ ਇਕੋ-ਇਕ ਹੱਲ ਕੌਮਾਂਤਰੀ ਕਾਨੂੰਨਾਂ ਅਨੁਸਾਰ ਆਜਾਦ ਪ੍ਰਭੂਸਤਾ ਸਟੇਟ ਖਾਲਿਸਤਾਨ ਕਾਇਮ ਕਰਨ ਨਾਲ ਹੀ ਹੋ ਸਕਦਾ ਹੈ। ਇਹ ਵਿਚਾਰ ਸ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਮੱਧਪ੍ਰਦੇਸ ਵਿਚ ਇਕ ਗੁਰਸਿੱਖ ਨਾਲ ਉਥੋਂ ਦੇ ਹੁਕਮਰਾਨਾਂ ਤੇ ਨਿਵਾਸੀਆ ਵੱਲੋਂ ਗੈਰ ਸਮਾਜਿਕ ਢੰਗ ਅਤੇ ਸਲੀਕੇ ਦਾ ਉਲੰਘਣ ਕਰਦੇ ਹੋਏ ਜਮਹੂਰੀਅਤ ਕਦਰਾਂ ਕੀਮਤਾਂ ਦਾ ਘਾਣ ਕੀਤਾ ਹੈ, ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਕਿਹਾ ਕਿ ਸਿੱਖ ਕੌਮ, ਜਾਤ-ਪਾਤ, ਊਚ-ਨੀਚ, ਅਮੀਰ-ਗਰੀਬ, ਨਸਲ-ਰੰਗ-ਭੇਦ ‘ਚ ਬਿਲਕੁਲ ਵਿਸ਼ਵਾਸ ਨਹੀਂ ਰੱਖਦੀ। ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਹੁਕਮਰਾਨ ਕੌਮਾਂਤਰੀ ਕਾਨੂੰਨਾਂ ਅਧੀਨ ਖਾਲਿਸਤਾਨ ਬਣਾਉਣ ‘ਚ ਕੋਈ ਰੁਕਾਵਟ ਨਹੀਂ ਪੈਂਦਾ ਕਰਨਗੇ, ਤਾਂਕਿ ਸਿੱਖ ਕੌਮ ਵੀ ਅਜ਼ਾਦੀ ਦਾ ਨਿੱਘ ਮਾਣ ਸਕੇ ਅਤੇ ਵਿਸ਼ਵ ਪੱਧਰ ‘ਤੇ ਵੱਧ ਫੁੱਲ ਸਕੇ।

# ਭਾਰਤੀ ਟਰੱਕ ਡਰਾਈਵਰ ਕੋਲੋਂ 10 ਮਿਲੀਅਨ ਅਮਰੀਕੀ ਡਾਲਰ ਦੀ ਕੋਕੀਨ ਜ਼ਬਤ

ਨਿਊਯਾਰਕ- ਕੈਨੇਡਾ ਦੇ ਰਹਿਣ ਵਾਲੇ ਇਕ 31 ਸਾਲਾ ਭਾਰਤੀ ਨਾਗਰਿਕ ਵਿਸ਼ਵਪਾਲ ਸਿੰਘ ਨੂੰ ਨਿਊਯਾਰਕ ਵਿਚ ਸਪਲਾਈ ਦੇ ਇਰਾਦੇ ਨਾਲ ਕੋਕੀਨ ਰੱਖਣ ਦੇ ਦੋਸ਼ ਵਿਚ ਗ੍ਰਿਫਤਾਰ ਕੀਤਾ ਗਿਆ ਹੈ। ਇਸ ਅਪਰਾਧ ਲਈ ਘੱਟੋ-ਘੱਟ ਉਸ ਨੂੰ 10 ਸਾਲ ਦੀ ਕੈਦ, ਸੰਭਾਵੀ ਉਮਰ ਕੈਦ ਅਤੇ 10 ਮਿਲੀਅਨ ਡਾਲਰ ਤੱਕ ਦਾ ਜੁਰਮਾਨਾ ਹੋ ਸਕਦਾ ਹੈ। ਅਧਿਕਾਰੀਆਂ ਨੇ ਸਿੰਘ ਨੂੰ ਇੱਕ ਕਰਾਸ-ਕੰਟਰੀ ਟਰੱਕਿੰਗ ਰੂਟ ‘ਤੇ ਰੋਕਿਆ। ਜਾਂਚਕਰਤਾਵਾਂ ਨੂੰ ਉਸਦੇ ਟਰੈਕਟਰ-ਟ੍ਰੇਲਰ ਵਿਚ ਫੈਬਰਿਕ ਸਾਫਟਨਰ ਦੇ ਡੱਬਿਆਂ ਦੇ ਅੰਦਰ ਲੁਕਾਈ ਹੋਈ 108 ਕਿਲੋਗ੍ਰਾਮ ਕੋਕੀਨ ਮਿਲੀ। ਅਮਰੀਕੀ ਅਟਾਰਨੀ ਮਾਈਕਲ ਡਿਗਿਆਕੋਮੋ ਨੇ ਨਿਊਯਾਰਕ ਦੇ ਪੱਛਮੀ ਜ਼ਿਲ੍ਹੇ ਵਿਚ ਇੱਕ ਅੰਤਰਰਾਸ਼ਟਰੀ ਸਰਹੱਦੀ ਕਰਾਸਿੰਗ ‘ਤੇ ਜ਼ਬਤ ਕੀਤੀ ਗਈ ਕੋਕੀਨ ਸਭ ਤੋਂ ਵੱਡੇ ਜ਼ਬਤ ਵਿਚੋਂ ਇਸ ਨੂੰ ਇੱਕ ਦੱਸਿਆ ਹੈ। ਸੰਘੀ ਜਾਂਚਕਰਤਾਵਾਂ ਨੇ ਸਿੰਘ ਨੂੰ ਗ੍ਰਿਫ਼ਤਾਰ ਕਰਨ ਤੋਂ ਪਹਿਲਾਂ ਕਈ ਰਾਜਾਂ ਵਿਚ ਟਰੈਕ ਕੀਤਾ ਸੀ। ਇਹ ਮਾਮਲਾ ਜੁਲਾਈ 2025 ਵਿਚ ਡੇਟ੍ਰਾਇਟ ਅੰਬੈਸਡਰ ਬ੍ਰਿਜ ‘ਤੇ ਹੋਈ ਜ਼ਬਤੀ ਨਾਲ ਜੁੜਿਆ ਹੋਇਆ ਹੈ, ਜਿੱਥੇ ਅਧਿਕਾਰੀਆਂ ਨੇ ਪਵਨਜੀਤ ਗਿੱਲ ਤੋਂ 228 ਕਿਲੋਗ੍ਰਾਮ ਕੋਕੀਨ ਜ਼ਬਤ ਕੀਤੀ ਸੀ। ਉਸ ਘਟਨਾ ਤੋਂ ਮਿਲੀ ਖੁਫੀਆ ਜਾਣਕਾਰੀ ਨੇ ਅਧਿਕਾਰੀਆਂ ਨੂੰ ਨਿਊਯਾਰਕ ਵਿਚ ਸਿੰਘ ਨੂੰ ਰੋਕਣ ਵਿਚ ਮਦਦ ਕੀਤੀ। ਸਿੰਘ ਅਮਰੀਕੀ ਮੈਜਿਸਟ੍ਰੇਟ ਜੱਜ ਮਾਈਕਲ ਜੇ. ਰੋਮਰ ਦੇ ਸਾਹਮਣੇ ਪੇਸ਼ ਹੋਇਆ ਅਤੇ ਹਿਰਾਸਤ ਵਿਚ ਹੈ।


THANDI AUTO CARE CENTRE LTD

WE DO REPAIR OF ALL MAKES & MODELS

- General Repairs
- Transmission- Brakes
